ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 10 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੫ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਤਰਨ-ਤਾਰਨ 'ਚ ਚੋਣ ਪ੍ਰਚਾਰ ਦੌਰਾਨ ਕਾਂਗਰਸ ਦੇ ਸਾਬਕਾ ਵਿਧਾਇਕ ਤਰਲੋਚਨ ਸਿੰਘ ਸੂੰਢ ਦਾ ਦੇਹਾਂਤ



**ਤਰਨ-ਤਾਰਨ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬੰਗਾ ਤੋਂ ਸਾਬਕਾ ਕਾਂਗਰਸੀ ਵਿਧਾਇਕ ਤਰਲੋਚਨ ਸਿੰਘ ਸੂੰਢ, ਜੋ ਤਰਨਤਾਰਨ ਵਿਧਾਨ ਸਭਾ ਹਲਕੇ ਦੀ ਉਪ ਚੋਣ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਕਰਨ ਬੁਰਜ ਲਈ ਲਗਾਤਾਰ ਦਸ ਦਿਨਾਂ ਤੋਂ ਦਿਨ-ਰਾਤ ਪ੍ਰਚਾਰ ਕਰ ਰਹੇ ਸਨ, ਨੂੰ ਸ਼ਨੀਵਾਰ ਰਾਤ ਲਗਭਗ 7:45 ਵਜੇ ਦਿਲ ਦਾ ਦੌਰਾ ਪਿਆ। ਉਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਤਰਨਤਾਰਨ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਨਾਲ ਪਾਰਟੀ ਵਿੱਚ ਨਿਰਾਸ਼ਾ ਦੀ ਲਹਿਰ ਦੌੜ ਗਈ। ਬੰਗਾ ਰਾਖਵੀਂ ਸੀਟ ਤੋਂ ਸਾਬਕਾ ਵਿਧਾਇਕ ਤਰਲੋਚਨ ਸਿੰਘ ਸੂੰਢ ਨੂੰ ਜ਼ਿਲ੍ਹਾ ਕਾਂਗਰਸ ਜਨਰਲ ਸਕੱਤਰ ਅਵਤਾਰ ਸਿੰਘ ਤਨੇਜਾ ਦੇ ਨਾਲ-ਨਾਲ ਤਰਨਤਾਰਨ ਸ਼ਹਿਰ ਦੇ ਵਾਰਡ 3 ਦੇ ਬੂਥ ਨੰਬਰ 111 ਦੇ ਇੰਚਾਰਜ ਸੁਖਦੇਵ ਸਿੰਘ ਬੂੰਦੀ ਦੇ ਨਾਲ ਡਿਊਟੀ ਸੌਂਪੀ ਗਈ ਸੀ। ਸੂੰਢ ਲਗਾਤਾਰ 11 ਦਿਨਾਂ ਤੋਂ ਇੱਕ ਨਿੱਜੀ ਹੋਟਲ ਵਿੱਚ ਠਹਿਰੇ ਹੋਏ ਸਨ ਅਤੇ ਦਿਨ ਵੇਲੇ ਚੋਣ ਪ੍ਰਚਾਰ ਵਿੱਚ ਰੁੱਝੇ ਹੋਏ ਸਨ। ਸ਼ਨੀਵਾਰ ਨੂੰ, ਦਿਨ ਵੇਲੇ ਚੋਣ ਪ੍ਰਚਾਰ ਦੌਰਾਨ, ਉਹ ਆਰਾਮ ਕਰਨ ਲਈ ਇੱਕ ਹੋਟਲ ਵਿੱਚ ਗਏ ਸਨ। ਆਰਾਮ ਕਰਨ ਤੋਂ ਬਾਅਦ, ਉਹ ਸ਼ਾਮ 7:45 ਵਜੇ ਦੇ ਕਰੀਬ ਸ਼ੇਵ ਕਰ ਰਹੇ ਸਨ ਅਤੇ ਤਿਆਰ ਹੋ ਰਹੇ ਸਨ ਜਦੋਂ ਉਨ੍ਹਾਂ ਨੂੰ ਆਪਣੇ ਹੋਟਲ ਦੇ ਕਮਰੇ ਵਿੱਚ ਦਿਲ ਦਾ ਦੌਰਾ ਪਿਆ।

## ਪੰਜਾਬ ਦੇ 50 ਅਫਸਰਾਂ ਦਾ ਖੰਗਾਲਿਆ ਜਾਵੇਗਾ ਰਿਕਾਰਡ

# ਡੀਆਈਜੀ ਭੁੱਲਰ ਕੇਸ 'ਚ ਹੁਣ ਈ. ਡੀ. ਦੀ ਐਂਟਰੀ

**ਚੰਡੀਗੜ੍ਹ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੁਲਿਸ ਮਹਿਕਮੇ 'ਚ ਲੁੱਕੀਆਂ ਕਾਲੀਆਂ ਭੇਡਾਂ ਉੱਤੇ ਗਾਜ਼ ਡਿੱਗੀ, ਜੀ ਹਾਂ ਹੁਣ ਪੰਜਾਬ ਪੁਲਿਸ ਦੇ ਡੀਆਈਜੀ ਹਰਚਰਨ ਸਿੰਘ ਭੁੱਲਰ ਦੇ ਰਿਸ਼ਵਤ ਕੇਸ ਵਿੱਚ ਸੀਬੀਆਈ ਦੇ ਬਾਅਦ ਹੁਣ ਈ.ਡੀ. ਦੀ ਐਂਟਰੀ ਹੋਣ ਵਾਲੀ ਹੈ। ਈ. ਡੀ. ਮੰਗਲਵਾਰ ਨੂੰ ਚੰਡੀਗੜ੍ਹ ਵਿੱਚ ਸੀਬੀਆਈ ਦਫ਼ਤਰ ਪਹੁੰਚ ਰਹੀ ਹੈ। ਜਿੱਥੇ ਉਹ ਡੀਆਈਜੀ ਭੁੱਲਰ ਸਮੇਤ ਉਹਨਾਂ ਆਈ.ਏ.ਐਸ. ਅਤੇ ਆਈ. ਪੀ. ਐਸ. ਅਫਸਰਾਂ ਦਾ ਰਿਕਾਰਡ ਲਵੇਗੀ, ਜਿਨ੍ਹਾਂ ਨੇ ਬੇਨਾਮੀ ਜਾਇਦਾਦ ਬਣਾਈ ਹੋਈ ਹੈ। ਸੀਬੀਆਈ ਦੀ ਡੀਆਈਜੀ ਭੁੱਲਰ ਅਤੇ ਉਨ੍ਹਾਂ ਨਾਲ ਫੜੇ ਗਏ ਵਿਚੋਲੇ ਕ੍ਰਿਸ਼ਨੂ ਸ਼ਾਰਦਾ ਦੀ ਜਾਂਚ ਵਿੱਚ ਹੁਣ ਤੱਕ ਪੰਜਾਬ ਦੇ 50 ਅਫਸਰਾਂ ਬਾਰੇ ਜਾਣਕਾਰੀ ਮਿਲ ਚੁੱਕੀ ਹੈ। ਜਿਨ੍ਹਾਂ ਦੇ ਨਾਮ ਦੀ ਸੀਬੀਆਈ ਨੇ ਲਿਸਟ ਵੀ ਤਿਆਰ ਕਰ ਲਈ ਹੈ। ਈ.ਡੀ. ਦੀ ਦਾਖ਼ਲ ਨਾਲ ਹੁਣ ਪੰਜਾਬ ਦੇ ਅਫਸਰਾਂ ਦੀਆਂ ਮੁਸ਼ਕਲਾਂ ਵੱਧ ਸਕਦੀਆਂ ਹਨ ਕਿਉਂਕਿ ਰਿਕਾਰਡ ਲੈਣ ਦੇ ਬਾਅਦ ਈਡੀ ਦੀ ਟੀਮ ਨੋਟਿਸ ਭੇਜ ਕੇ ਇਹਨਾਂ ਅਫਸਰਾਂ ਨੂੰ ਬੇਨਾਮੀ ਜਾਇਦਾਦ ਦੇ ਮਾਮਲੇ ਵਿੱਚ ਪੁੱਛਤਾਛ ਲਈ ਬੁਲਾਏਗੀ। ਸੀਬੀਆਈ ਨੇ ਡੀਆਈਜੀ ਭੁੱਲਰ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਪਹਿਲੀ ਵਾਰੀ 5 ਦਿਨ ਦਾ ਰਿਮਾਂਡ ਲਿਆ। ਸੀਬੀਆਈ ਸੂਤਰਾਂ ਦੇ ਮੁਤਾਬਕ, ਡੀਆਈਜੀ ਭੁੱਲਰ ਨੇ ਦੱਸਿਆ ਕਿ ਪੰਜਾਬ ਦੇ ਅਫਸਰ ਪਟਿਆਲਾ ਦੇ ਪ੍ਰਾਪਰਟੀ ਡੀਲਰ ਭੂਪਿੰਦਰ ਸਿੰਘ ਦੇ ਜ਼ਰੀਏ ਜਾਇਦਾਦ ਵਿੱਚ ਨਿਵੇਸ਼ ਕਰਦੇ ਹਨ। ਇਸ ਪੁੱਛਤਾਛ ਵਿੱਚ ਸੀਬੀਆਈ ਨੂੰ 14 ਅਫਸਰਾਂ ਦਾ ਪਤਾ ਲੱਗਾ, ਜਿਸ ਵਿੱਚ 10 ਆਈਪੀਐਸ ਅਤੇ 4 ਆਈਏਐਸ ਅਫਸਰ ਸਨ। ਜਾਂਚ ਦੌਰਾਨ ਪਤਾ ਲੱਗਾ ਕਿ 10 ਆਈਪੀਐਸ ਵਿੱਚੋਂ 8 ਹਾਲੇ ਵੀ ਫੀਲਡ ਵਿੱਚ ਅਹਿਮ ਪਦਾਂ 'ਤੇ ਤਾਇਨਾਤ ਹਨ, ਜਦਕਿ 2 ਪੰਜਾਬ ਪੁਲਿਸ ਅਕੈਡਮੀ ਵਿੱਚ ਹਨ। ਇਸ ਤੋਂ ਇਲਾਵਾ, 4 ਆਈਏਐਸ ਅਫਸਰਾਂ ਦਾ ਕਿਸੇ ਨਾ ਕਿਸੇ ਤਰ੍ਹਾਂ ਮੰਡੀ ਗੋਬਿੰਦਗੜ੍ਹ ਨਾਲ ਸਬੰਧ ਹੈ। ਇਸ ਤੋਂ ਬਾਅਦ ਸੀਬੀਆਈ ਨੇ ਪ੍ਰਾਪਰਟੀ ਡੀਲਰ ਦੇ ਪਟਿਆਲਾ ਅਤੇ ਲੁਧਿਆਣਾ ਵਿੱਚ ਸਥਿਤ ਟਿਕਾਣਿਆਂ 'ਤੇ ਛਾਪੇ ਮਾਰੇ ਅਤੇ ਡਾਕੂਮੈਂਟ ਜ਼ਬਤ ਕੀਤੇ।




## ਜਾਪਾਨ ਵਿੱਚ ਆਇਆ 6.7 ਤੀਬਰਤਾ ਦਾ ਇੱਕ ਹੋਰ ਵਿਨਾਸ਼ਕਾਰੀ ਭੂਚਾਲ, ਸੁਨਾਮੀ ਦੀ ਚੇਤਾਵਨੀ ਜਾਰੀ, ਹਜ਼ਾਰਾਂ ਘਰਾਂ ਨੂੰ ਕਰਵਾਇਆ ਖਾਲੀ

**ਟੋਕੀਓ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਜਾਪਾਨ ਵਿੱਚ ਇੱਕ ਹੋਰ ਤੇਜ਼ ਭੂਚਾਲ ਆਇਆ ਹੈ। ਐਤਵਾਰ ਸ਼ਾਮ 5:03 ਵਜੇ ਜਾਪਾਨ ਵਿੱਚ 6.7 ਤੀਬਰਤਾ ਦਾ ਭੂਚਾਲ ਆਇਆ। ਇਸ ਤੋਂ ਬਾਅਦ, ਇਵਾਤੇ ਪ੍ਰੀਫੈਕਚਰ ਵਿੱਚ ਸੁਨਾਮੀ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਜਾਪਾਨੀ ਮੀਡੀਆ ਦੇ ਅਨੁਸਾਰ, ਐਤਵਾਰ ਸ਼ਾਮ ਨੂੰ ਤੱਟ 'ਤੇ ਆਏ 6.7 ਤੀਬਰਤਾ ਦੇ ਭੂਚਾਲ ਤੋਂ ਬਾਅਦ ਇਵਾਤੇ ਵਿੱਚ ਸੁਨਾਮੀ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਰਿਪੋਰਟਾਂ ਅਨੁਸਾਰ, ਇਵਾਤੇ ਪ੍ਰੀਫੈਕਚਰ ਦੇ ਓਫੁਨਾਟੋ ਸਿਟੀ ਵਿੱਚ 2,825 ਤੱਟਵਰਤੀ ਘਰਾਂ ਨੂੰ ਖਾਲੀ ਕਰਨ ਦੇ ਹੁਕਮ ਦਿੱਤੇ ਗਏ ਹਨ। 6,138 ਨਿਵਾਸੀਆਂ ਨੂੰ ਖਾਲੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਜਾਪਾਨ ਮੌਸਮ ਵਿਗਿਆਨ ਏਜੰਸੀ ਦੇ ਅਨੁਸਾਰ, ਇਵਾਤੇ ਦੇ ਓਫੁਨਾਟੋ ਬੰਦਰਗਾਹ 'ਤੇ ਸ਼ਾਮ 5:39 ਵਜੇ 10 ਸੈਂਟੀਮੀਟਰ ਦੀ ਸੁਨਾਮੀ ਦਾ ਪਤਾ ਲੱਗਿਆ। ਇਵਾਤੇ ਦੇ ਤੱਟ ਤੋਂ 70 ਕਿਲੋਮੀਟਰ ਦੂਰ 5:12 ਵਜੇ ਇੱਕ ਕਮਜ਼ੋਰ ਸੁਨਾਮੀ ਦਾ ਪਤਾ ਲੱਗਿਆ। ਜਾਪਾਨ ਵਿੱਚ ਸੁਨਾਮੀ ਦੀ ਚੇਤਾਵਨੀ ਵਿੱਚ ਇੱਕ ਮੀਟਰ ਤੱਕ ਦੀਆਂ ਲਹਿਰਾਂ ਦੀ ਭਵਿੱਖਬਾਣੀ ਕੀਤੀ ਗਈ ਹੈ। ਇਵਾਤੇ ਦੇ ਮੋਰੀਓਕਾ ਸਿਟੀ ਅਤੇ ਯਾਹਬਾ ਟਾਊਨ ਦੇ ਨਾਲ-ਨਾਲ ਗੁਆਂਢੀ ਮਿਆਗੀ ਪ੍ਰੀਫੈਕਚਰ ਦੇ ਵਾਕੂਆ ਟਾਊਨ ਵਿੱਚ ਭੂਚਾਲ 4 ਤੀਬਰਤਾ ਦਾ ਮਾਪਿਆ ਗਿਆ। ਪੂਰਬੀ ਜਾਪਾਨ ਰੇਲਵੇ ਦੁਆਰਾ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਟੋਹੋਕੂ ਸ਼ਿੰਕਾਨਸੇਨ ਅਸਥਾਈ ਤੌਰ 'ਤੇ ਬਿਜਲੀ ਤੋਂ ਬਿਨਾਂ ਰਹੇਗਾ। ਇਸ ਕਾਰਨ, ਸੇਂਦਾਈ ਅਤੇ ਸ਼ਿਨ-ਆਓਮੋਰੀ ਸਟੇਸ਼ਨਾਂ ਵਿਚਕਾਰ ਕੰਮਕਾਜ ਮੁਅੱਤਲ ਕਰ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ, 5 ਅਕਤੂਬਰ ਨੂੰ, ਜਾਪਾਨ ਵਿੱਚ ਰਿਕਟਰ ਪੈਮਾਨੇ 'ਤੇ 6.0 ਦੀ ਤੀਬਰਤਾ ਵਾਲਾ ਭੂਚਾਲ ਆਇਆ ਸੀ, ਜਿਸਦਾ ਕੇਂਦਰ 50 ਕਿਲੋਮੀਟਰ ਦੀ ਡੂੰਘਾਈ 'ਤੇ ਸੀ। ਇਹ ਖੇਤਰ ਅਜੇ ਵੀ 2011 ਦੀ ਵਿਨਾਸ਼ਕਾਰੀ ਸਮੁੰਦਰੀ ਆਫ਼ਤ ਦੀਆਂ ਯਾਦਾਂ ਤੋਂ ਉਭਰ ਰਿਹਾ ਹੈ। ਉਸ ਸਮੇਂ, ਜਾਪਾਨ ਦੇ ਇਸ ਖੇਤਰ ਵਿੱਚ 9.0 ਤੀਬਰਤਾ ਦਾ ਇੱਕ ਸ਼ਕਤੀਸ਼ਾਲੀ ਭੂਚਾਲ ਆਇਆ ਸੀ, ਜਿਸ ਨਾਲ ਇੱਕ ਵੱਡੀ ਸੁਨਾਮੀ ਆਈ ਸੀ। ਉਸ ਵਿਨਾਸ਼ਕਾਰੀ ਕੁਦਰਤੀ ਆਫ਼ਤ ਵਿੱਚ ਲਗਭਗ 18,500 ਲੋਕ ਮਾਰੇ ਗਏ ਅਤੇ ਲਾਪਤਾ ਹੋ ਗਏ ਸਨ। ਜਾਪਾਨ ਵਿੱਚ ਇਸੇ ਆਫ਼ਤ ਕਾਰਨ ਫੁਕੁਸ਼ੀਮਾ ਪ੍ਰਮਾਣੂ ਪਲਾਂਟ ਦੇ ਤਿੰਨ ਰਿਐਕਟਰਾਂ ਦਾ ਪਿਘਲਣਾ ਵੀ ਹੋਇਆ, ਜੋ ਕਿ ਜਾਪਾਨ ਦੀ ਜੰਗ ਤੋਂ ਬਾਅਦ ਦੀ ਸਭ ਤੋਂ ਭਿਆਨਕ ਆਫ਼ਤ ਤੇ ਚਰਨੋਬਲ ਤੋਂ ਬਾਅਦ ਦੁਨੀਆ ਦਾ ਸਭ ਤੋਂ ਭਿਆਨਕ ਪ੍ਰਮਾਣੂ ਹਾਦਸਾ ਸੀ।

## ਪਾਕਿਸਤਾਨ 'ਚ ਗੁਰਧਾਮਾਂ ਦੇ ਦਰਸ਼ਨ ਕਰਕੇ ਪਰਤੇ ਜਥੇਦਾਰ ਕੁਲਦੀਪ ਸਿੰਘ ਗੜਗੱਜ, ਭਾਰਤ ਸਰਕਾਰ ਕੋਲੋਂ ਕਰਤਾਰਪੁਰ ਕੋਰੀਡੋਰ ਖੋਲ੍ਹਣ ਦੀ ਮੰਗ



**ਅੰਮ੍ਰਿਤਸਰ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਾਕਿਸਤਾਨ ਦੇ ਗੁਰਦੁਆਰਿਆਂ ਦੇ ਦਰਸ਼ਨ ਲਈ ਗਿਆ ਜੱਥਾ ਅੱਜ ਵਾਪਸ ਭਾਰਤ ਪਰਤ ਆਇਆ। ਇਸ ਜੱਥੇ ਦੇ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੀ ਸ਼ਾਮਲ ਸਨ, ਜੋ ਅੱਜ ਅਟਾਰੀ-ਵਾਘਾ ਬਾਰਡਰ ਰਾਹੀਂ ਭਾਰਤ ਪੁੱਜੇ। ਵਾਪਸੀ 'ਤੇ ਮੀਡੀਆ ਨਾਲ ਗੱਲਬਾਤ ਕਰਦੇ ਉਹਨਾਂ ਨੇ ਗੁਰੂ ਘਰਾਂ ਵਿੱਚ ਦਰਸ਼ਨ ਦੇ ਅਨੁਭਵ ਤੇ ਦੋਨਾਂ ਦੇਸ਼ਾਂ ਦੇ ਰਿਸ਼ਤਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਗਿਆਨੀ ਜਥੇਦਾਰ ਗੜਗੱਜ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀ ਅਸੀਸ ਨਾਲ ਜੱਥੇ ਨੇ ਸ਼ਾਂਤੀਪੂਰਨ ਤਰੀਕੇ ਨਾਲ ਪਾਕਿਸਤਾਨ ਦੇ ਗੁਰਦੁਆਰਿਆਂ ਵਿੱਚ ਦਰਸ਼ਨ ਕੀਤੇ। ਉਹਨਾਂ ਦੱਸਿਆ ਕਿ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਹੁਤ ਹੀ ਚੰਗੇ ਪ੍ਰਬੰਧ ਕੀਤੇ ਸਨ, ਜਿਸ ਲਈ ਉਹਨਾਂ ਨੇ ਲਹਿੰਦੇ ਪੰਜਾਬ ਦੀ ਸਰਕਾਰ ਤੇ ਕਮੇਟੀ ਦੇ ਪ੍ਰਧਾਨ ਮੇਤ ਸਿੰਘ ਅਰੋੜਾ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਨਨਕਾਣਾ ਸਾਹਿਬ, ਕਰਤਾਰਪੁਰ ਸਾਹਿਬ ਅਤੇ ਹੋਰ ਗੁਰਦੁਆਰਿਆਂ ਵਿੱਚ ਪੂਰਾ ਪ੍ਰੋਟੋਕਾਲ, ਸੁਰੱਖਿਆ ਤੇ ਮੈਡੀਕਲ ਪ੍ਰਬੰਧ ਬਹੁਤ ਸ਼ਾਨਦਾਰ ਸਨ। ਜਥੇਦਾਰ ਸਾਹਿਬ ਨੇ ਦੱਸਿਆ ਕਿ ਉੱਥੇ ਸਿੱਖ ਸੰਗਤ ਦੇ ਨਾਲ ਨਾਲ ਸਿੰਧੀ ਸਮਾਜ ਦੇ ਲੱਖਾਂ ਗੁਰੂ ਨਾਨਕ ਨਾਮ ਲੇਵਾ ਭਾਈ-ਭੈਣਾਂ ਨਾਲ ਵੀ ਗੱਲਬਾਤ ਹੋਈ। ਸਭ ਨੂੰ ਗੁਰਬਾਣੀ ਨਾਲ ਜੁੜਨ, ਆਪਸੀ ਪਿਆਰ ਤੇ ਚੜ੍ਹਦੀ ਕਲਾ ਵਿਚ ਰਹਿਣ ਦਾ ਪੈਗਾਮ ਦਿੱਤਾ ਗਿਆ। ਉਹਨਾਂ ਦੋਨਾਂ ਸਰਕਾਰਾਂ ਦਾ ਧੰਨਵਾਦ ਕੀਤਾ ਜੋ ਇਹ ਧਾਰਮਿਕ ਯਾਤਰਾ ਸੰਭਵ ਬਣੀ। ਕਰਤਾਰਪੁਰ ਸਾਹਿਬ ਬਾਰੇ ਗੱਲ ਕਰਦੇ ਉਹਨਾਂ ਕਿਹਾ ਕਿ ਹਾਲ ਹੀ ਵਿੱਚ ਆਏ ਹੜ੍ਹ ਕਾਰਨ ਨੁਕਸਾਨ ਦੇ ਬਾਵਜੂਦ ਹੁਣ ਉੱਥੇ ਸਫ਼ਾਈ ਤੇ ਸੰਭਾਲ ਦੇ ਪ੍ਰਬੰਧ ਬੇਹਤਰੀਨ ਹਨ। ਉਹਨਾਂ ਗੁਰੂ ਨਾਨਕ ਪਾਤਸ਼ਾਹ ਦੇ ਚਰਨਾਂ 'ਚ ਅਮਨ ਤੇ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਨਾਲ ਹੀ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਕਰਤਾਰਪੁਰ ਲਾਂਘਾ ਜਲਦੀ ਖੋਲ੍ਹਿਆ ਜਾਵੇ, ਤਾਂ ਜੋ ਹੋਰ ਵੱਡੀ ਗਿਣਤੀ ਵਿੱਚ ਸਿੱਖ ਯਾਤਰੀ ਦਰਸ਼ਨ ਲਈ ਜਾ ਸਕਣ।

## ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲਾ: ਮੌਤ ਪਿੱਛੇ ਭਾਰਤ ਦਾ ਹੱਥ ਹੋਣ ਦਾ ਦਾਅਵਾ



**ਨਵੀਂ ਦਿੱਲੀ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਇਸ ਹਫ਼ਤੇ ਜਾਰੀ ਕੀਤੀ ਗਈ ਇੱਕ ਨਵੀਂ ਦਸਤਾਵੇਜ਼ੀ ਦੇ ਅਨੁਸਾਰ ਬ੍ਰਿਟਿਸ਼ ਖੁਫੀਆ ਏਜੰਸੀ ਦੁਆਰਾ ਰੋਕੀਆਂ ਗਈਆਂ ਫ਼ੋਨ ਕਾਲਾਂ ਦੀ ਮਦਦ ਨਾਲ, ਕੈਨੇਡੀਅਨ ਅਧਿਕਾਰੀਆਂ ਨੇ ਜੂਨ 2023 ਵਿੱਚ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਅਤੇ ਭਾਰਤ ਵਿਚਕਾਰ ਇੱਕ ਕਥਿਤ ਸਬੰਧ ਦਾ ਪਰਦਾਫਾਸ਼ ਕੀਤਾ। ਕਾਲ ਇੰਟਰਸੈਪਸ਼ਨ ਕਿਸੇ ਤੀਜੀ ਧਿਰ ਦੀ ਸਹਿਮਤੀ ਤੋਂ ਬਿਨਾਂ ਗੁਪਤ ਰੂਪ ਵਿੱਚ ਫ਼ੋਨ ਗੱਲਬਾਤ ਸੁਣਨ ਜਾਂ ਰਿਕਾਰਡ ਕਰਨ ਦੇ ਕੰਮ ਨੂੰ ਦਰਸਾਉਂਦਾ ਹੈ। ਬਲੂਮਬਰਗ ਓਰੀਜਨਲਜ਼ ਦਸਤਾਵੇਜ਼ੀ, "ਇਨਸਾਈਡ ਦ ਡੈਥਸ ਦੈਟ ਰੌਕਡ ਇੰਡੀਆਜ਼ ਰਿਲੇਸ਼ਨਜ਼ ਵਿਦ ਦ ਵੈਸਟ" ਰਿਪੋਰਟ ਕਰਦੀ ਹੈ ਕਿ ਇੱਕ ਬ੍ਰਿਟਿਸ਼ ਖੁਫੀਆ ਏਜੰਸੀ ਨੇ ਫ਼ੋਨ ਕਾਲਾਂ ਨੂੰ ਰੋਕਿਆ ਜਿਨ੍ਹਾਂ ਵਿੱਚ ਕਥਿਤ ਤੌਰ 'ਤੇ ਤਿੰਨ ਟੀਚਿਆਂ 'ਤੇ ਚਰਚਾ ਕੀਤੀ ਗਈ ਸੀ। ਇਹ ਮੰਨਿਆ ਜਾਂਦਾ ਹੈ ਕਿ ਸ਼ਾਮਲ ਏਜੰਸੀ ਬ੍ਰਿਟੇਨ ਦਾ ਸਰਕਾਰੀ ਸੰਚਾਰ ਹੈੱਡਕੁਆਰਟਰ (GCHQ) ਸੀ। ਭਾਈ ਹਰਦੀਪ ਨਿੱਝਰ ਨੂੰ 2020 ਵਿੱਚ ਭਾਰਤ ਦੁਆਰਾ ਇੱਕ 'ਅੱਤਵਾਦੀ' ਨਾਮਜ਼ਦ ਕੀਤਾ ਗਿਆ ਸੀ। ਕਥਿਤ ਤੌਰ 'ਤੇ ਉਹ ਉਨ੍ਹਾਂ ਲੋਕਾਂ ਵਿੱਚ ਸ਼ਾਮਲ ਸੀ ਜਿਨ੍ਹਾਂ ਦੀ ਜਾਣਕਾਰੀ ਯੂਕੇ, ਅਮਰੀਕਾ, ਕੈਨੇਡਾ, ਆਸਟ੍ਰੇਲੀਆ ਅਤੇ ਨਿਊਜ਼ੀਲੈਂਡ ਵਿਚਕਾਰ ਫਾਈਵ ਆਈਜ਼ ਖੁਫੀਆ ਸਾਂਝਾਕਰਨ ਸਮਝੌਤੇ ਦੇ ਤਹਿਤ ਕੈਨੇਡੀਅਨ ਅਧਿਕਾਰੀਆਂ ਨੂੰ ਸੌਂਪੀ ਗਈ ਸੀ। ਦਸਤਾਵੇਜ਼ੀ ਦਾਅਵਾ ਕਰਦੀ ਹੈ ਕਿ ਜੁਲਾਈ 2023 ਦੇ ਅਖੀਰ ਵਿੱਚ ਭਾਈ ਨਿੱਝਰ ਕਤਲ ਦੀ ਜਾਂਚ ਵਿੱਚ ਇੱਕ ਮਹੱਤਵਪੂਰਨ ਤਰੱਕੀ ਕੀਤੀ ਗਈ ਸੀ ਜਦੋਂ ਯੂਕੇ ਨੂੰ ਸੰਬੰਧਿਤ ਜਾਣਕਾਰੀ ਮਿਲੀ ਸੀ। ਦਸਤਾਵੇਜ਼ੀ ਵਿੱਚ ਕਿਹਾ ਗਿਆ ਹੈ ਕਿ ਇਹ ਫਾਈਲ ਬ੍ਰਿਟਿਸ਼ ਖੁਫੀਆ ਏਜੰਸੀਆਂ ਦੁਆਰਾ ਉਨ੍ਹਾਂ ਵਿਅਕਤੀਆਂ ਵਿਚਕਾਰ ਕੀਤੀ ਗਈ ਗੱਲਬਾਤ ਦਾ ਸਾਰ ਸੀ ਜਿਨ੍ਹਾਂ ਬਾਰੇ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਉਹ ਭਾਰਤ ਸਰਕਾਰ ਵੱਲੋਂ ਕੰਮ ਕਰ ਰਹੇ ਸਨ। ਇਸ ਵਿੱਚ ਇਲਜ਼ਾਮ ਲਗਾਇਆ ਗਿਆ ਹੈ ਕਿ ਉਨ੍ਹਾਂ ਨੇ ਤਿੰਨ ਸੰਭਾਵੀ ਨਿਸ਼ਾਨਿਆਂ 'ਤੇ ਚਰਚਾ ਕੀਤੀ: ਭਾਈ ਹਰਦੀਪ ਸਿੰਘ ਨਿੱਝਰ, ਭਾਈ ਅਵਤਾਰ ਸਿੰਘ ਖੰਡਾ ਅਤੇ ਭਾਈ ਗੁਰਪਤਵੰਤ ਸਿੰਘ ਪੰਨੂ। ਬਾਅਦ ਵਿੱਚ, ਚਰਚਾਵਾਂ ਇਸ ਗੱਲ 'ਤੇ ਕੇਂਦ੍ਰਿਤ ਸਨ ਕਿ ਭਾਈ ਨਿੱਝਰ ਨੂੰ ਸਫਲਤਾਪੂਰਵਕ ਕਿਵੇਂ ਖਤਮ ਕੀਤਾ ਜਾਵੇ।" ਖਾਲਿਸਤਾਨ ਪੱਖੀ ਬ੍ਰਿਟਿਸ਼ ਸਿੱਖ ਕਾਰਕੁੰਨ ਭਾਈ ਅਵਤਾਰ ਸਿੰਘ ਖੰਡਾ ਦੀ ਜੂਨ 2023 ਵਿੱਚ ਬ੍ਰਿਟੇਨ ਦੇ ਪੱਛਮੀ ਮਿਡਲੈਂਡਜ਼ ਖੇਤਰ ਵਿੱਚ ਬਰਮਿੰਘਮ ਦੇ ਇੱਕ ਹਸਪਤਾਲ ਵਿੱਚ ਮੌਤ ਹੋ ਗਈ ਸੀ। ਉਹ ਬਲੱਡ ਕੈਂਸਰ ਤੋਂ ਪੀੜਤ ਸੀ। ਬ੍ਰਿਟੇਨ ਵਿੱਚ ਕੁਝ ਸਮੂਹਾਂ ਦੇ ਦੋਸ਼ਾਂ ਦੇ ਬਾਵਜੂਦ, ਬ੍ਰਿਟਿਸ਼ ਅਧਿਕਾਰੀਆਂ ਨੇ ਕਿਹਾ ਕਿ ਉਸਦੀ ਮੌਤ ਦੇ ਆਲੇ-ਦੁਆਲੇ ਕੋਈ ਸ਼ੱਕੀ ਹਾਲਾਤ ਨਹੀਂ ਸਨ।

## ਸਿੱਖ ਬੱਚਿਆਂ ਨਾਲ ਮਜ਼ਾਕ ਕਰਕੇ ਕਸੂਤੇ ਫਸੇ ਰਾਜਾ ਵੜਿੰਗ, ਸ਼੍ਰੋਮਣੀ ਕਮੇਟੀ ਨੇ ਤਰਨਤਾਰਨ ਦੇ ਐਸ. ਐਸ. ਪੀ. ਨੂੰ ਦਿੱਤੀ ਸ਼ਿਕਾਇਤ



**ਤਰਨ-ਤਾਰਨ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਹੁਣ ਫਿਰ ਮੁਸੀਬਤ ਵਿੱਚ ਫਸਦੇ ਦਿਖਾਈ ਦੇ ਰਹੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੜਿੰਗ ਵਿਰੁੱਧ ਤਰਨਤਾਰਨ ਦੇ SSP ਕੋਲ ਸ਼ਿਕਾਇਤ ਦਰਜ ਕਰਵਾਈ ਹੈ, ਜਿਸ ਵਿੱਚ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਦੇ ਪ੍ਰਚਾਰ ਦੌਰਾਨ ਰਾਜਾ ਵੜਿੰਗ ਨੇ ਕੁਝ ਨਾਬਾਲਗ ਸਿੱਖ ਬੱਚਿਆਂ ਦੇ ਵਾਲਾਂ ਦਾ ਮਜ਼ਾਕ ਉਡਾਉਂਦੇ ਹੋਏ ਇੱਕ ਇਤਰਾਜ਼ਯੋਗ ਵੀਡੀਓ ਬਣਾਈ ਸੀ, ਜੋ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਵੀਡੀਓ ਵਿੱਚ ਰਾਜਾ ਵੜਿੰਗ ਬੱਚਿਆਂ ਦੇ ਵਾਲਾਂ ਨੂੰ ਦੋਵੇਂ ਹੱਥਾਂ ਨਾਲ ਛੂਹਦੇ ਅਤੇ ਮਜ਼ਾਕੀਆ ਢੰਗ ਨਾਲ ਬੋਲਦੇ ਦਿਖਾਈ ਦੇ ਰਹੇ ਹਨ। ਸ਼੍ਰੋਮਣੀ ਕਮੇਟੀ ਨੇ ਇਸਨੂੰ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਦਾ ਅਪਮਾਨ ਦੱਸਿਆ ਹੈ ਤੇ ਇਸਨੂੰ ਬੱਚਿਆਂ ਦਾ ਜਾਣਬੁੱਝ ਕੇ ਮਜ਼ਾਕ ਉਡਾਉਣ ਦੀ ਕਾਰਵਾਈ ਦੱਸਿਆ ਹੈ। ਕਮੇਟੀ ਦਾ ਕਹਿਣਾ ਹੈ ਕਿ ਇਸ ਵੀਡੀਓ ਨੇ ਇਸ ਨੂੰ ਦੇਖਣ ਅਤੇ ਸੁਣਨ ਵਾਲੇ ਹਰ ਵਿਅਕਤੀ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਸ਼੍ਰੋਮਣੀ ਕਮੇਟੀ ਨੇ ਤਰਨਤਾਰਨ ਦੇ ਐਸਐਸਪੀ ਨੂੰ ਰਾਜਾ ਵੜਿੰਗ ਵਿਰੁੱਧ ਸਬੰਧਤ ਧਾਰਾਵਾਂ ਤਹਿਤ ਐਫਆਈਆਰ ਦਰਜ ਕਰਨ ਅਤੇ ਢੁਕਵੀਂ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ। ਕਮੇਟੀ ਨੇ ਕਿਹਾ ਕਿ ਧਾਰਮਿਕ ਭਾਵਨਾਵਾਂ ਨਾਲ ਛੇੜਛਾੜ ਕਰਨ ਵਾਲਾ ਅਜਿਹਾ ਵਿਵਹਾਰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਨਾ ਸਿਰਫ਼ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਅਪਮਾਨ ਹੈ, ਸਗੋਂ ਇੱਕ ਗੰਭੀਰ ਕਾਨੂੰਨੀ ਮਾਮਲਾ ਵੀ ਹੈ। ਉਨ੍ਹਾਂ ਕਿਹਾ ਕਿ ਭਾਈਚਾਰੇ ਪ੍ਰਤੀ ਸਤਿਕਾਰ ਅਤੇ ਸੰਵੇਦਨਸ਼ੀਲਤਾ ਬਣਾਈ ਰੱਖਣਾ ਹਰ ਨਾਗਰਿਕ ਦਾ ਫਰਜ਼ ਹੈ। ਸ਼੍ਰੋਮਣੀ ਕਮੇਟੀ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕੀਤੀ ਅਤੇ ਅਧਿਕਾਰੀਆਂ ਤੋਂ ਤੁਰੰਤ, ਠੋਸ ਅਤੇ ਪ੍ਰਭਾਵਸ਼ਾਲੀ ਕਾਰਵਾਈ ਦੀ ਮੰਗ ਕੀਤੀ। ਕਮੇਟੀ ਨੇ ਚੇਤਾਵਨੀ ਦਿੱਤੀ ਕਿ ਭਵਿੱਖ ਵਿੱਚ ਅਜਿਹੀ ਕਿਸੇ ਵੀ ਕਾਰਵਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ:
## 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**
**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--★ ਜਾਰੀ ਕਰਤਾ ★--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.










**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

0784 102 9416

# SANJHA PUNJAB

## VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

# ਭੋਗ ਤੇ ਅਰਦਾਸ ਸਮਾਗਮ



ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 20ਵੀਂ ਸਦੀ ਦੇ ਮਹਾਨ ਸਿੱਖ ਯੋਧੇ, ਕਥਨੀ-ਕਰਨੀ ਦੇ ਪੂਰੇ, ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਰਾਤਾ ਅਤੇ ਸਤਿਕਾਰਯੋਗ ਬਾਬਾ ਜੋਗਿੰਦਰ ਸਿੰਘ ਜੀ ਦੇ ਸਪੁੱਤਰ

## ਕੈਪਟਨ ਹਰਚਰਨ ਸਿੰਘ ਰੋਡੇ

ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਮਿਤੀ 1 ਨਵੰਬਰ 2025 ਦਿਨ ਸ਼ਨਿੱਚਰਵਾਰ ਨੂੰ ਸਾਨੂੰ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ, ਉਨ੍ਹਾਂ ਦੇ ਨਮਿੱਤ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅਰਦਾਸ ਸਮਾਗਮ

## ਮਿਤੀ 10 ਨਵੰਬਰ 2025, ਦਿਨ ਸੋਮਵਾਰ ਨੂੰ

**ਸਮਾਂ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ**

**ਗੁਰਦੁਆਰਾ ਸੰਤ ਖਾਲਸਾ, ਪਿੰਡ ਰੋਡੇ, ਜ਼ਿਲ੍ਹਾ ਮੋਗਾ ਵਿਖੇ ਹੋਵੇਗਾ**

ਅਰਦਾਸ ਸਮਾਗਮ ਵਿੱਚ ਆਪ ਸਭ ਨੂੰ ਪਹੁੰਚਣ ਲਈ ਸਨਿਮਰ ਬੇਨਤੀ ਕੀਤੀ ਜਾਂਦੀ ਹੈ।

ਬੇਨਤੀ ਕਰਤਾ :

ਆਵਾਜ਼ਿ ਕੌਮ AWAZE QAUM International Newspaper & WEB TV

## ਸਮੂਹ ਬਾਬਾ ਪਰਿਵਾਰ

ਸੰਪਰਕ : 97815-52538, 98140-29018

## ਹਲਕਾ ਤਰਨਤਾਰਨ ਦੇ ਸਮੂਹ ਵੋਟਰਾਂ ਨੂੰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਪੁਰਜ਼ੋਰ ਅਪੀਲ ✶ ਭਾਈ ਮਨਦੀਪ ਸਿੰਘ ਨੂੰ ਜਿਤਾਓ-ਪੰਜਾਬ ਨੂੰ ਬਚਾਓ



### ਬੀਬੀ ਸਤਵੰਤ ਕੌਰ ਅਤੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਵੀਡੀਓ ਜਾਰੀ ਕਰਕੇ



# ਭਾਈ ਮਨਦੀਪ ਸਿੰਘ ਖ਼ਾਲਸਾ ਦੀ ਪੁਰਜ਼ੋਰ ਹਮਾਇਤ ਕੀਤੀ



## ਭਾਈ ਮਨਦੀਪ ਸਿੰਘ ਖਾਲਸਾ ਬਹੁਤ ਹੀ ਕੁਰਬਾਨੀ ਵਾਲੇ ਪਰਿਵਾਰ ਦੇ ਵਿੱਚੋਂ ਹਨ ਜਿਨਾਂ ਨੂੰ ਸਮੁੱਚੀਆਂ ਪੰਥਕ ਜਥੇਬੰਦੀਆਂ ਵੱਲੋਂ ਪੂਰਨ ਹਮਾਇਤ ਦਿੱਤੀ ਗਈ ਹੈ











**ਤਰਨ-ਤਾਰਨ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਥਕ ਜਥੇਬੰਦੀਆਂ ਦੇ ਸਾਂਝੇ ਨੁਮਾਇੰਦੇ ਹਲਕਾ ਤਰਨ ਤਾਰਨ ਤੋਂ ਜਿਮਨੀ ਚੋਣ ਲੜ ਰਹੇ ਭਾਈ ਮਨਦੀਪ ਸਿੰਘ ਖਾਲਸਾ ਦੇ ਹੱਕ ਦੇ ਵਿੱਚ ਜੋਰਦਾਰ ਚੋਣ ਮੁਹਿੰਮ ਜਾਰੀ ਹੈ। ਉੱਥੇ ਅੱਜ ਆਖਰੀ ਮੌਕੇ ਜਦੋਂ ਚੋਣ ਪ੍ਰਚਾਰ ਬੰਦ ਹੋ ਰਿਹਾ ਹੈ ਤਾਂ ਬੀਬੀ ਸਤਵੰਤ ਕੌਰ ਪ੍ਰਧਾਨ ਸਿੱਖ ਸੁਪਰੀਮ ਕੌਂਸਲ ਵੱਲੋਂ ਵੀ ਇੱਕ ਵੀਡੀਓ ਜਾਰੀ ਕਰਕੇ ਹਲਕਾ ਤਰਨ ਤਾਰਨ ਦੇ ਵੋਟਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਭਾਈ ਮਨਦੀਪ ਸਿੰਘ ਖਾਲਸਾ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੂਸਰੇ ਪਾਸੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਮੁੱਖ ਬੁਲਾਰੇ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਇੱਕ ਵੀਡੀਓ ਜਾਰੀ ਕਰਕੇ ਅਪੀਲ ਕੀਤੀ ਹੈ ਕਿ ਭਾਈ ਮਨਦੀਪ ਸਿੰਘ ਖਾਲਸਾ ਬਹੁਤ ਹੀ ਕੁਰਬਾਨੀ ਵਾਲੇ ਪਰਿਵਾਰ ਦੇ ਵਿੱਚੋਂ ਹਨ ਜਿਨਾਂ ਨੂੰ ਸਮੁੱਚੀਆਂ ਪੰਥਕ ਜਥੇਬੰਦੀਆਂ ਵੱਲੋਂ ਪੂਰਨ ਹਮਾਇਤ ਦਿੱਤੀ ਗਈ ਹੈ ਤੇ ਹਲਕਾ ਤਰਨ ਤਾਰਨਦੇ ਵੋਟਰਾਂ ਨੂੰ ਚਾਹੀਦਾ ਹੈ ਕਿ ਉਹ ਭਾਈ ਮਨਦੀਪ ਸਿੰਘ ਨੂੰ 11 ਨਵੰਬਰ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਕਰਨ ਭਾਈ ਮਨਦੀਪ ਸਿੰਘ ਦਾ ਚੋਣ ਨਿਸ਼ਾਨ ਬਾਲਟੀ ਹੈ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਸਮੁੱਚੀਆਂ ਰਵਾਇਤੀ ਪਾਰਟੀਆਂ ਦੀ ਸਖਤ ਨਿੰਦਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਭਾਜਪਾ ਅਤੇ ਕਾਂਗਰਸ ਦੇ ਕੋਲ ਕੋਝ ਵੀ ਐਸਾ ਨਹੀਂ ਜਿਸ ਤੋਂ ਲੋਕ ਪ੍ਰਭਾਵਿਤ ਹੋ ਸਕਣ ਕੇਵਲ ਤੇ ਕੇਵਲ ਲੋਕ ਆਸ ਰੱਖਦੇ ਨੇ ਕਿ ਭਾਈ ਮਨਦੀਪ ਸਿੰਘ ਜਿਹੜੇ ਕਿ ਭਾਈ ਮਨਦੀਪ ਸਿੰਘ ਜਿਹੜੇ ਕਿ ਭਾਈ ਸੰਦੀਪ ਸਿੰਘ ਸਨੀ ਦੇ ਭਰਾਤਾ ਹਨ ਔਰ ਜਿਨਾਂ ਦੀ ਵੱਡੀ ਕੁਰਬਾਨੀ ਹੈ ਕਿਉਂਕਿ ਹਲਕਾ ਤਰਨ ਤਾਰਨ ਉਹ ਇਲਾਕਾ ਹੈ ਜਿੱਥੇ ਬਹੁਤ ਜਿਆਦਾ ਜ਼ੁਲਮਤ ਹੋਇਆ ਤੇ ਉਸ ਤਸ਼ੱਦਦ ਦੀ ਵਜਹਾ ਕਾਰਨ ਹੀ ਭਾਈ ਸੰਦੀਪ ਸਿੰਘ ਨੇ ਕੁਰਬਾਨੀ ਦਿੱਤੀ ਔਰ ਉਸ ਕੁਰਬਾਨੀ ਦਾ ਸਤਿਕਾਰ ਹਲਕਾ ਤਰਨ ਤਾਰਨ ਦੇ ਲੋਕਾਂ ਵੱਲੋਂ ਕੀਤਾ ਜਾ ਰਿਹਾ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬਖ਼ਸ਼ੀ ਪਰਮਜੀਤ ਸਿੰਘ ਦੀ ਯਾਦ ਵਿੱਚ

# ਦੋ ਦਿਨੀਂ ਕੇਂਦਰੀ ਦਿੱਲੀ ਖੋ-ਖੋ ਮੁਕਾਬਲੇ ਦਾ ਆਯੋਜਨ





**ਨਵੀਂ ਦਿੱਲੀ, 9 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਦੀ ਸਿੱਖ ਰਾਜਨੀਤੀ ਵਿੱਚ ਆਪਣੀ ਵਿਲੱਖਣ ਪਛਾਣ ਰੱਖਣ ਵਾਲੇ ਬਖ਼ਸ਼ੀ ਪਰਿਵਾਰ ਵੱਲੋਂ ਮਰਹੂਮ ਬਖ਼ਸ਼ੀ ਪਰਮਜੀਤ ਸਿੰਘ ਦੀ ਯਾਦ ਵਿੱਚ ਕਰੋਲ ਬਾਗ, ਦਿੱਲੀ ਵਿੱਚ ਦੋ ਦਿਨੀ ਕੇਂਦਰੀ ਦਿੱਲੀ ਖੋ-ਖੋ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਸੈਂਟ੍ਰਲ ਜ਼ੋਨ ਦੇ ਲਗਭਗ ਸਾਰੇ ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ। ਵਿਜੇਤਾ ਟੀਮਾਂ ਨੂੰ ਬਖ਼ਸ਼ੀ ਪਰਿਵਾਰ ਦੇ ਨੇੜਲੇ ਮੰਜੀਤ ਸਿੰਘ ਜੀ ਕੇ, ਮਨਦੀਪ ਕੌਰ ਬਖ਼ਸ਼ੀ, ਅਮਨਜੀਤ ਸਿੰਘ ਬਖ਼ਸ਼ੀ, ਗੁੰਜੀਤ ਸਿੰਘ ਬਖ਼ਸ਼ੀ, ਦਿੱਲੀ ਕਮੇਟੀ ਦੇ ਸਾਬਕਾ ਮੈਂਬਰ ਪ੍ਰੋਫੈਸਰ ਹਰਮਿੰਦਰ ਸਿੰਘ ਅਤੇ ਬਖ਼ਸ਼ੀ ਪਰਿਵਾਰ ਦੇ ਹੋਰ ਮੈਂਬਰਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਹ ਮੁਕਾਬਲਾ ਬਖ਼ਸ਼ੀ ਪਰਮਜੀਤ ਸਿੰਘ ਦੀ ਯਾਦ ਵਿੱਚ ਕੀਤਾ ਗਿਆ, ਜਿਨ੍ਹਾਂ ਦੀ ਬਰਸੀ 18 ਦਸੰਬਰ ਨੂੰ ਆ ਰਹੀ ਹੈ। ਪਰਿਵਾਰ ਵੱਲੋਂ ਹਰ ਸਾਲ ਇਹ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਸਮਾਜ ਅਤੇ ਕੌਮ ਲਈ ਕੁਝ ਵੱਖਰਾ ਕੀਤਾ ਜਾਵੇ ਕਿਉਂਕਿ ਬਖ਼ਸ਼ੀ ਜਗਦੇਵ ਸਿੰਘ ਅਤੇ ਬਖ਼ਸ਼ੀ ਪਰਮਜੀਤ ਸਿੰਘ ਨੇ ਆਪਣੀ ਸਾਰੀ ਜ਼ਿੰਦਗੀ ਸਮਾਜਕ, ਧਾਰਮਿਕ ਅਤੇ ਰਾਜਨੀਤਿਕ ਕਾਰਜਾਂ ਵਿੱਚ ਬਿਤਾਈ। ਇਸ ਤਰ੍ਹਾਂ ਦੇ ਉਪਰਾਲਿਆਂ ਨਾਲ ਨੌਜਵਾਨ ਵਰਗ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਮਿਲਦੀ ਹੈ। ਬਖ਼ਸ਼ੀ ਪਰਿਵਾਰ ਵੱਲੋਂ ਇਹ ਮੁਕਾਬਲਾ ਨਵ ਹਿੰਦ ਪਬਲਿਕ ਸਕੂਲ ਵਿੱਚ ਕਰਵਾਇਆ ਗਿਆ। ਮਨਦੀਪ ਕੌਰ ਬਖ਼ਸ਼ੀ ਖੁਦ ਇਸੇ ਸਕੂਲ ਦੀ ਵਿਦਿਆਰਥਣ ਰਹੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਖੇਡਾਂ ਦਾ ਸਾਡੇ ਜੀਵਨ ਵਿੱਚ ਮਹੱਤਵਪੂਰਨ ਸਥਾਨ ਹੈ — ਇਸ ਨਾਲ ਸਰੀਰ ਤੰਦਰੁਸਤ ਤੇ ਨਿਰੋਗ ਰਹਿੰਦਾ ਹੈ ਅਤੇ ਹੁਣ ਬੱਚੇ ਖੇਡਾਂ ਵਿੱਚ ਆਪਣਾ ਕਰੀਅਰ ਵੀ ਚੁਣ ਸਕਦੇ ਹਨ। ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਹੁਣ ਖੋ-ਖੋ ਵਰਗੀਆਂ ਖੇਡਾਂ ਦੇ ਖਿਡਾਰੀਆਂ ਲਈ ਵਿਸ਼ੇਸ਼ ਨੌਕਰੀਆਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ, ਜਿਸ ਨਾਲ ਬੱਚਿਆਂ ਦੀ ਖੇਡਾਂ ਪ੍ਰਤੀ ਰੁਚੀ ਲਗਾਤਾਰ ਵੱਧ ਰਹੀ ਹੈ।

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਲਜ਼ਾਮ

# ਸਰਕਾਰ ਦੀ ਸ਼ਹਿ ਨਾਲ ਭਾਈ ਸੁਖਦੇਵ ਸਿੰਘ ਕਾਦੀਆਂ 'ਤੇ ਹੋਇਆ ਹਮਲਾ



ਤਰਨਤਾਰਨ, 9 ਨਵੰਬਰ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਤਰਨਤਾਰਨ ਵਿਖੇ ਸਥਿੱਤ ਚੋਣ ਦਫਤਰ ਵਿਖੇ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਇਕ ਅਹਿਮ ਪ੍ਰੈਸ ਕਾਨਫਰੰਸ ਬੁਲਾਈ ਗਈ। ਜਿਸ ਵਿੱਚ ਬਾਪੂ ਤਰਸੇਮ ਸਿੰਘ ਜੀ ਨੇ ਜਿਲਾ ਤਰਨਤਾਰਨ ਤੋਂ ਪਾਰਟੀ ਦੇ ਸਰਗਰਮ ਅਬਜ਼ਰਵਰ ਭਾਈ ਸੁਖਦੇਵ ਸਿੰਘ ਕਾਦੀਆਂ ਨਾਲ ਵਾਪਰੀ ਸਾਜਿਸ਼ੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਬੀਤੇ 6 ਨਵੰਬਰ ਨੂੰ ਅਣਪਛਾਤੇ ਵਿਅਕਤੀਆਂ ਵੱਲੋਂ ਉਹਨਾਂ ਦੀ ਕਾਰ ਨੂੰ ਰੋਕ ਕੇ ਜਾਨਲੇਵਾ ਹਮਲਾ ਕੀਤਾ ਗਿਆ, ਜਿਸ ਦੌਰਾਨ ਕਾਰ ਨੂੰ ਅੱਗ ਲਗਾ ਦਿੱਤੀ ਗਈ ਅਤੇ ਭਾਈ ਕਾਦੀਆਂ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਉਹਨਾਂ ਦੇ ਸਰੀਰ ਦਾ ਵੱਡਾ ਹਿੱਸਾ ਅੱਗ ਦੀ ਲਪੇਟ ਵਿੱਚ ਆ ਗਿਆ ਤੇ ਇਸ ਵੇਲੇ ਉਹ ਲੁਧਿਆਣਾ ਡੀਐਮਸੀ ਹਸਪਤਾਲ ਵਿੱਚ ਜੇਰੇ ਇਲਾਜ ਹਨ। ਮੋਨਟੈਰੋ ਕਾਰ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਇਹ ਕੋਈ ਕੁਦਰਤੀ ਹਾਦਸਾ ਨਹੀਂ, ਸਗੋਂ ਇੱਕ ਸੋਚੀ ਸਮਝੀ ਸਾਜਿਸ਼ ਤਹਿਤ ਕੀਤਾ ਗਿਆ ਹਮਲਾ ਹੈ। ਭਾਈ ਸੁਖਦੇਵ ਸਿੰਘ ਕਾਦੀਆਂ ਪਾਰਟੀ ਦੇ ਜ਼ਿੰਮੇਵਾਰ ਆਗੂ ਹਨ ਜੋ ਗਾਹੇ-ਬਗਾਹੇ ਸਰਕਾਰ ਦੀਆਂ ਨਾਕਾਮੀਆਂ ਤੇ ਭ੍ਰਿਸ਼ਟ ਕਾਰਗੁਜ਼ਾਰੀਆਂ ਦਾ ਭਾਂਡਾ ਭੰਨਦੇ ਰਹਿੰਦੇ ਹਨ। ਜਿਮਨੀ ਚੋਣ ਦੌਰਾਨ ਉਹ ਤਰਨਤਾਰਨ ਹਲਕੇ ਵਿੱਚ ਪਾਰਟੀ ਪ੍ਰਚਾਰ ਦੀ ਅਗਵਾਈ ਕਰ ਰਹੇ ਸਨ ਅਤੇ ਉਨ੍ਹਾਂ ਦੀ ਵਧਦੀ ਲੋਕਪ੍ਰਿਯਤਾ ਤੋਂ ਘਬਰਾ ਕੇ ਵਿਰੋਧੀ ਤੱਤਾਂ ਵੱਲੋਂ ਇਹ ਹਮਲਾ ਕੀਤਾ ਗਿਆ ਹੈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਇਹ ਘਟਨਾ ਸਿੱਧੇ ਤੌਰ 'ਤੇ ਸਰਕਾਰ ਦੀ ਸ਼ਿਹ ਨਾਲ ਹੋਈ ਹੈ। ਇਸ ਤੋਂ ਵੀ ਵੱਡੀ ਸਾਜਿਸ਼ ਇਹ ਹੈ ਕਿ ਅੰਮ੍ਰਿਤਸਰ ਦੇ ਡੀ ਸੀ ਪੀ ਇਨਵੈਸਟੀਗੇਸ਼ਨ ਰਵਿੰਦਰਪਾਲ ਸਿੰਘ ਵੱਲੋਂ ਵਾਰਦਾਤ ਤੋਂ ਅਗਲੇ ਦਿਨ ਮੌਕੇ 'ਤੇ ਪਹੁੰਚ ਕੇ ਬਿਨਾਂ ਕਿਸੇ ਇੰਕੁਆਰੀ ਕੀਤੇ ਹੀ ਇੱਕ ਵੀਡੀਓ ਜਾਰੀ ਕੀਤੀ ਗਈ ਜਿਸ ਵਿੱਚ ਭਾਈ ਸੁਖਦੇਵ ਸਿੰਘ ਕਾਦੀਆਂ ਦਾ ਲਾਇਸੈਂਸੀ ਹਥਿਆਰ ਨੂੰ ਗੈਰ ਕਾਨੂੰਨੀ ਦੱਸ ਕੇ ਪਰਚਾ ਦਰਜ ਕਰਨ ਦੀ ਗੱਲ ਕੀਤੀ ਗਈ ਹੈ। ਇਹ ਪੂਰੀ ਤਰ੍ਹਾਂ ਝੂਠ ਤੇ ਤੱਥਾਂ ਤੋਂ ਉਲਟ ਹੈ, ਕਿਉਂਕਿ ਉਹਨਾਂ ਦਾ ਪਿਸਤੌਲ ਪੂਰੀ ਤਰ੍ਹਾਂ ਲਾਇਸੈਂਸੀ ਹੈ ਤੇ ਉਸਦਾ ਲਾਇਸੈਂਸ 2026 ਤੱਕ ਵੈਧ ਹੈ। ਇਸਦੀ ਕਾਪੀ ਪਾਰਟੀ ਕੋਲ ਮੌਜੂਦ ਹੈ। ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਇਹ ਕਦਮ ਸਾਫ਼ ਦੱਸਦਾ ਹੈ ਕਿ ਪੰਜਾਬ ਸਰਕਾਰ ਪੁਲਿਸ ਮਸ਼ੀਨਰੀ ਦਾ ਗਲਤ ਫਾਇਦਾ ਚੁੱਕ ਕੇ ਸੱਚ ਬੋਲਣ ਵਾਲਿਆਂ ਨੂੰ ਡਰਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਧੱਕੇਸ਼ਾਹੀ ਦੀ ਹੱਦ ਹੈ ਅਤੇ ਲੋਕਤੰਤਰ 'ਤੇ ਸਿੱਧਾ ਹਮਲਾ ਹੈ। ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਪੁਲਿਸ ਦੇ ਡੀਜੀਪੀ ਅਤੇ ਗਵਰਨਰ ਪੰਜਾਬ ਤੋਂ ਮੰਗ ਕਰਦਾ ਹੈ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕੀਤਾ ਜਾਵੇ ਅਤੇ ਡੀ ਸੀ ਪੀ ਰਵਿੰਦਰਪਾਲ ਸਿੰਘ ਵਰਗੇ ਝੂਠ ਫੈਲਾਉਣ ਵਾਲੇ ਅਧਿਕਾਰੀਆਂ 'ਤੇ ਕਾਰਵਾਈ ਕੀਤੀ ਜਾਵੇ। ਉਹਨਾਂ ਸਪਸ਼ਟ ਕੀਤਾ ਕਿ ਜੇਕਰ ਇਸ ਮਾਮਲੇ ਦੀ ਨਿਰਪੱਖ ਜਾਂਚ ਨਾਂ ਕੀਤੀ ਗਈ ਤਾਂ ਅਕਾਲੀ ਦਲ ਵਾਰਿਸ ਪੰਜਾਬ ਦੇ ਸੂਬਾ ਪੱਧਰ 'ਤੇ ਵਿਰੋਧ ਸ਼ੁਰੂ ਕਰੇਗਾ ਅਤੇ ਇਸ ਧੱਕੇਸ਼ਾਹੀ ਦਾ ਹਰ ਪੱਧਰ 'ਤੇ ਮੁਕਾਬਲਾ ਕੀਤਾ ਜਾਵੇਗਾ।

**ਪੰਜਾਬ ਪੁਲਿਸ ਵੱਲੋਂ ਲਾਇਸੈਂਸੀ ਹਥਿਆਰ ਨੂੰ ਗੈਰ ਕਾਨੂੰਨੀ ਦੱਸਣਾ ਧੱਕੇਸ਼ਾਹੀ ਦੀ ਹੱਦ, ਸੁਖਦੇਵ ਕਾਦੀਆਂ ਦਰਜ ਕੀਤਾ ਪਰਚਾ ਹੋਵੇ ਰੱਦ : ਬਾਪੂ ਤਰਸੇਮ ਸਿੰਘ**

## ਮੱਧ ਪ੍ਰਦੇਸ਼ ਅਲਪਸੰਖਿਅਕ ਕਮਿਸ਼ਨ ਦੇ ਚੇਅਰਮੈਨ ਪਦ 'ਤੇ ਸਿੱਖ ਭਾਈਚਾਰੇ ਦੇ ਯੋਗ ਪ੍ਰਤੀਨਿਧੀ ਦੀ ਨਿਯੁਕਤੀ ਹੋਵੇ — ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ / ਭੋਪਾਲ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**—ਭਾਰਤੀ ਜਨਤਾ ਪਾਰਟੀ (ਪੰਜਾਬ) ਦੇ ਪ੍ਰਵਕਤਾ ਅਤੇ ਪ੍ਰਸਿੱਧ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਸ਼੍ਰੀ ਮੋਹਨ ਯਾਦਵ ਜੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਮੱਧ ਪ੍ਰਦੇਸ਼ ਰਾਜ ਅਲਪਸੰਖਿਅਕ ਆਯੋਗ ਦੇ ਚੇਅਰਮੈਨ ਪਦ 'ਤੇ ਸਿੱਖ ਭਾਈਚਾਰੇ ਤੋਂ ਕਿਸੇ ਯੋਗ, ਪੜ੍ਹੇ-ਲਿਖੇ ਅਤੇ ਸਮਾਜਕ ਤੌਰ 'ਤੇ ਸਰਗਰਮ ਵਿਅਕਤੀ ਦੀ ਨਿਯੁਕਤੀ ਕੀਤੀ ਜਾਵੇ। ਪ੍ਰੋ. ਖਿਆਲਾ ਨੇ ਦਰਸਾਇਆ ਕਿ ਇਹ ਅਹਿਮ ਪਦ ਕਾਫ਼ੀ ਸਮੇਂ ਤੋਂ ਖ਼ਾਲੀ ਪਿਆ ਹੈ, ਜਿਸ ਕਾਰਨ ਅਲਪਸੰਖਿਅਕ ਸਮੁਦਾਇਆਂ ਨਾਲ ਸੰਬੰਧਤ ਸ਼ਿਕਾਇਤਾਂ ਦੇ ਨਿਪਟਾਰੇ ਅਤੇ ਕਲਿਆਣਕਾਰੀ ਯੋਜਨਾਵਾਂ ਦੇ ਲਾਗੂ ਹੋਣ ਵਿੱਚ ਰੁਕਾਵਟ ਆ ਰਹੀ ਹੈ। ਉਨ੍ਹਾਂ ਕਿਹਾ ਕਿ "ਮੱਧ ਪ੍ਰਦੇਸ਼ ਅਲਪਸੰਖਿਅਕ ਕਮਿਸ਼ਨ ਐਕਟ 1996" ਦੇ ਤਹਿਤ ਬਣੇ ਇਸ ਕਮਿਸ਼ਨ ਦਾ ਮੁੱਖ ਉਦੇਸ਼ ਰਾਜ ਦੇ ਮੁਸਲਮਾਨ, ਸਿੱਖ, ਬੌਧ, ਜੈਨ, ਈਸਾਈ ਅਤੇ ਪਾਰਸੀ ਸਮਾਜਾਂ ਦੇ ਹੱਕਾਂ ਦੀ ਰੱਖਿਆ ਅਤੇ ਉਨ੍ਹਾਂ ਦੇ ਕਲਿਆਣ ਨਾਲ ਜੁੜੀਆਂ ਨੀਤੀਆਂ ਨੂੰ ਲਾਗੂ ਕਰਨਾ ਹੈ। ਉਨ੍ਹਾਂ ਜੋੜਿਆ ਕਿ ਹੁਣ ਤੱਕ ਕਮਿਸ਼ਨ ਦੇ ਮੁੱਖ ਅਹੁਦੇ 'ਤੇ ਜ਼ਿਆਦਾਤਰ ਮੁਸਲਮਾਨ ਭਾਈਚਾਰੇ ਦੇ ਵਿਅਕਤੀਆਂ ਦੀ ਨਿਯੁਕਤੀ ਹੋਈ ਹੈ, ਜਿਸ ਨਾਲ ਹੋਰ ਅਲਪਸੰਖਿਅਕ ਸਮੁਦਾਇਆਂ ਦੇ ਮਸਲਿਆਂ ਨੂੰ ਪ੍ਰਯਾਪਤ ਤਰਜੀਹ ਨਹੀਂ ਮਿਲੀ। ਇਸ ਲਈ ਹੁਣ ਸਮਾਂ ਆ ਗਿਆ ਹੈ ਕਿ ਸਿੱਖ, ਈਸਾਈ, ਬੌਧ, ਜੈਨ ਅਤੇ ਪਾਰਸੀ ਸਮਾਜਾਂ ਨੂੰ ਵੀ ਸਮਾਨ ਪ੍ਰਤੀਨਿਧਿਤਾ ਦਿੱਤੀ ਜਾਵੇ, ਤਾਂ ਜੋ ਕਮਿਸ਼ਨ ਦੀ ਵਿਸ਼ਵਸਨੀਯਤਾ ਅਤੇ ਸੰਤੁਲਨ ਬਰਕਰਾਰ ਰਹੇ। ਸਿੱਖ ਭਾਈਚਾਰੇ ਦੇ ਯੋਗਦਾਨ ਦੀ ਪ੍ਰਸ਼ੰਸਾ ਕਰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਕੌਮ ਨੇ ਮੱਧ ਪ੍ਰਦੇਸ਼ ਦੇ ਗਠਨ ਤੋਂ ਅੱਜ ਤੱਕ ਰਾਸ਼ਟਰੀ ਏਕਤਾ, ਧਾਰਮਿਕ ਸਦਭਾਵਨਾ ਅਤੇ ਵਿਕਾਸ ਵਿੱਚ ਵੱਡਾ ਯੋਗਦਾਨ ਦਿੱਤਾ ਹੈ। ਹਾਲਾਂਕਿ ਸਿੱਖ ਜਨਸੰਖਿਆ ਘੱਟ ਹੈ, ਪਰ ਇਹ ਰਾਜ ਦੇ ਸਮਾਜਿਕ, ਆਰਥਿਕ ਅਤੇ ਸਾਂਸਕ੍ਰਿਤਿਕ ਢਾਂਚੇ ਦਾ ਇਕ ਮਜ਼ਬੂਤ ਹਿੱਸਾ ਹੈ। ਉਨ੍ਹਾਂ ਦੱਸਿਆ ਕਿ ਸਿੱਖ ਭਾਈਚਾਰਾ ਭੋਪਾਲ, ਇੰਦੌਰ, ਜੱਬਲਪੁਰ, ਗਵਾਲੀਅਰ, ਸਾਗਰ, ਉਜਜੈਨ, ਰਤਲਾਮ, ਬੈਤੂਲ ਅਤੇ ਹੋਸ਼ੰਗਾਬਾਦ ਸਮੇਤ ਸਾਰੇ ਰਾਜ ਵਿੱਚ ਵਪਾਰ, ਉਦਯੋਗ, ਸਿੱਖਿਆ, ਆਵਾਜਾਈ ਅਤੇ ਸੇਵਾ ਖੇਤਰਾਂ ਵਿੱਚ ਸਰਗਰਮ ਹੈ। ਗੁਰਦੁਆਰੇ ਅਤੇ ਸੇਵਾ ਸੰਸਥਾਵਾਂ ਖ਼ੂਨਦਾਨ, ਲੰਗਰ ਸੇਵਾ, ਆਫ਼ਤ ਰਾਹਤ ਅਤੇ ਸਮਾਜਿਕ ਭਲਾਈ ਦੇ ਕਾਰਜਾਂ 'ਚ ਹਮੇਸ਼ਾਂ ਅਗੇ ਰਹਿੰਦੇ ਹਨ। ਉਨ੍ਹਾਂ ਯਾਦ ਦਿਵਾਇਆ ਕਿ ਗੁਰੂ ਨਾਨਕ ਦੇਵ ਜੀ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਚਰਨ ਮੱਧ ਪ੍ਰਦੇਸ਼ ਦੀ ਧਰਤੀ 'ਤੇ ਪਏ ਹਨ, ਜਿਸ ਨਾਲ ਇਹ ਰਾਜ ਸਿੱਖ ਇਤਿਹਾਸ ਅਤੇ ਆਧਿਆਤਮਿਕ ਪਰੰਪਰਾ ਨਾਲ ਗਹਿਰੇ ਤੌਰ 'ਤੇ ਜੁੜਿਆ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਮੱਧ ਪ੍ਰਦੇਸ਼ ਵਿੱਚ ਸਿੱਖ ਭਾਈਚਾਰਾ ਭਾਰਤੀ ਜਨਤਾ ਪਾਰਟੀ ਦੀ ਵਿਚਾਰਧਾਰਾ ਅਤੇ "ਸਰਵਧਰਮ ਸਮਭਾਵ" ਦੀ ਨੀਤੀ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਜੇ ਸਿੱਖ ਸਮਾਜ ਤੋਂ ਕਿਸੇ ਯੋਗ ਪ੍ਰਤੀਨਿਧੀ ਨੂੰ ਕਮਿਸ਼ਨ ਦਾ ਚੇਅਰਮੈਨ ਬਣਾਇਆ ਜਾਂਦਾ ਹੈ, ਤਾਂ ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੇ ਸੰਕਲਪ "ਸਭ ਦਾ ਸਾਥ, ਸਭ ਦਾ ਵਿਕਾਸ, ਸਭ ਦਾ ਵਿਸ਼ਵਾਸ" ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗਾ।

ਪ੍ਰੋ. ਖਿਆਲਾ ਨੇ ਇਸ ਅਹੁਦੇ ਲਈ ਸਰਦਾਰ ਅਜੀਤ ਸਿੰਘ ਨਈਅਰ (ਜੱਬਲਪੁਰ) — ਆਰ.ਐੱਸ.ਐੱਸ. ਦੇ ਸਮਰਪਿਤ ਸੇਵਾਦਾਰ ਅਤੇ ਸੀਨੀਅਰ ਭਾਜਪਾ ਨੇਤਾ, ਸਰਦਾਰ ਮਨਵੀਰ ਸਿੰਘ ਸਲੂਜਾ (ਇੰਦੌਰ) — ਨੌਜਵਾਨ, ਜੋਸ਼ੀਲੇ ਤੇ ਸਮਾਜਿਕ ਤੌਰ 'ਤੇ ਸਰਗਰਮ ਨੇਤਾ, ਅਤੇ ਸਰਦਾਰ ਗੁਰਵਿੰਦਰ ਸਿੰਘ ਜੱਸਲ (ਭੋਪਾਲ) — ਸੰਗਠਨਾਤਮਕ ਤੇ ਸਮਾਜਿਕ ਗਤਿਵਿਧੀਆਂ ਵਿੱਚ ਯੋਗਦਾਨੀ — ਤਿੰਨ ਸੰਭਾਵੀ ਨਾਮ ਵੀ ਸੁਝਾਏ ਹਨ ਅੰਤ ਵਿੱਚ ਪ੍ਰੋ. ਖਿਆਲਾ ਨੇ ਉਮੀਦ ਜਤਾਈ ਕਿ ਮੁੱਖ ਮੰਤਰੀ ਸ਼੍ਰੀ ਮੋਹਨ ਯਾਦਵ ਜੀ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਸਨਮਾਨ ਕਰਦੇ ਹੋਏ ਮੱਧ ਪ੍ਰਦੇਸ਼ ਅਲਪਸੰਖਿਅਕ ਕਮਿਸ਼ਨ ਵਿੱਚ ਇੱਕ ਯੋਗ ਸਿੱਖ ਪ੍ਰਤੀਨਿਧੀ ਨੂੰ ਪ੍ਰਮੁੱਖ ਪਦ 'ਤੇ ਸਥਾਨ ਦੇਣਗੇ, ਜਿਸ ਨਾਲ ਸਿੱਖ ਕੌਮ ਦਾ ਸਨਮਾਨ ਤੇ ਰਾਜ ਦੀ ਏਕਤਾ ਦੋਹਾਂ ਨੂੰ ਮਜ਼ਬੂਤੀ ਮਿਲੇਗੀ।






ਜਨਮ ਦਿਨ ਮੁਬਾਰਕ

ਅਲਾਈਸਾ ਸ਼ਰਮਾ

ਪਿਤਾ ਵਿਕਾਸ ਸ਼ਰਮਾ, ਮਾਤਾ ਮਨੀਸ਼ਾ ਸ਼ਰਮਾ, ਪਿੰਡ ਭੀਲੋਵਾਲ, (ਅਮ੍ਰਿੰਤਸਰ) ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ

# ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਸਮਾਗਮ




**ਨਵੀਂ ਦਿੱਲੀ, 9 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁੱਖੀ ਬਾਬਾ ਜੋਗਾ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਖੁੱਲੇ ਪੰਡਾਲ ਵਿੱਚ ਸਜੇ ਧਾਰਮਿਕ ਦੀਵਾਨ ਦੌਰਾਨ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਅਤੇ ਆਸਟ੍ਰੇਲੀਆ ਦੀ ਸਹਿਜ ਪਾਠ ਸੇਵਾ ਸੰਸਥਾ ਵੱਲੋਂ ਸੰਗਤ ਦੇ ਸਹਿਯੋਗ ਨਾਲ ਦੇਸ਼ ਦੁਨੀਆ ਅੰਦਰ ਆਰੰਭ ਕਰਵਾਏ ਗਏ 25 ਹਜ਼ਾਰ ਦੇ ਕਰੀਬ ਸਾਹਿਜ ਪਾਠਾਂ ਦੇ ਭੋਗ ਪਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕਰਕੇ ਪਾਵਨ ਗੁਰਬਾਣੀ ਦੇ ਪਾਠ ਕੀਤੇ ਤੇ ਗੁਰੂ ਸਾਹਿਬਾਨ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਰਾਗੀ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨਾਲ ਗੁਰ ਇਤਿਹਾਸ ਦੀ ਸਾਂਝ ਪਾਈ। ਇਸ ਦੌਰਾਨ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸਿਰਫ ਸਿੱਖ ਇਤਿਹਾਸ ਦਾ ਹੀ ਨਹੀਂ, ਸਗੋਂ ਵਿਸ਼ਵ ਦੇ ਧਰਮ ਇਤਿਹਾਸ ਅੰਦਰ ਮਾਨਵੀ ਕਦਰਾਂ-ਕੀਮਤਾਂ ਦੀ ਰਖਵਾਲੀ ਲਈ ਇਕ ਅਦੁੱਤੀ ਘਟਨਾ ਵਜੋਂ ਦਰਜ ਹੈ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਸਬੰਧੀ 21 ਨਵੰਬਰ ਤੋਂ 29 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਿਥੇ ਵਿਸ਼ੇਸ਼ ਸਮਾਗਮ ਕੀਤੇ ਜਾਣੇ ਹਨ ਉਥੇ ਹੀ ਇਸ ਇਤਿਹਾਸਕ ਮੌਕੇ ਨਾਲ ਸੰਗਤਾਂ ਨੂੰ ਜੋੜਨ ਵਾਸਤੇ ਘਰ ਘਰ ਅੰਦਰ ਸਹਿਜ ਪਾਠ ਕਰਨ ਦੀ ਮੁਹਿੰਮ ਵਿੱਢੀ ਗਈ ਸੀ। ਜਿਸ ਤਹਿਤ ਅੱਜ 25 ਹਜਾਰ ਦੇ ਕਰੀਬ ਸੰਗਤਾਂ ਵੱਲੋਂ ਕੀਤੇ ਗਏ ਸਹਿਜ ਪਾਠਾਂ ਦੇ ਸਮੂਹਿਕ ਰੂਪ ਵਿਚ ਭੋਗ ਪਾ ਕੇ ਸੰਪੂਰਨਤਾ ਕੀਤੀ ਗਈ ਹੈ। ਇਸ ਦੇ ਦੂਜੇ ਪੜਾਅ ਤਹਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ 16 ਨਵੰਬਰ ਨੂੰ 35 ਹਜ਼ਾਰ ਦੇ ਕਰੀਬ ਸਹਿਜ ਪਾਠਾਂ ਦੇ ਭੋਗ ਪਾਏ ਜਾਣਗੇ। ਉਨ੍ਹਾਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸਾਰੇ ਸ਼ਤਾਬਦੀ ਸਮਾਗਮਾਂ ਸਮੇਂ ਪਰਿਵਾਰਾਂ ਸਮੇਤ ਹਾਜ਼ਰ ਹੋਣ ਦੀ ਪ੍ਰੇਰਨਾ ਵੀ ਕੀਤੀ। ਇਕ ਸਵਾਲ ਦੇ ਜਵਾਬ ਵਿੱਚ ਐਡਵੋਕੇਟ ਧਾਮੀ ਨੇ ਕੇਂਦਰ ਸਰਕਾਰ ਨੂੰ ਆਪਣਾ 2019 ਦਾ ਬੰਦੀ ਸਿੰਘਾਂ ਦੀ ਰਿਹਾਈ ਦਾ ਫੈਸਲਾ ਤੁਰੰਤ ਲਾਗੂ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦਾ 350 ਸਾਲਾ ਦਿਹਾੜਾ ਇਕ ਅਹਿਮ ਮੌਕਾ ਹੈ ਜਿਸ ਨੂੰ ਸਮਰਪਿਤ ਹੁੰਦਿਆਂ ਸਰਕਾਰ ਨੂੰ ਵੱਡਾ ਦਿਲ ਦਿਖਾਉਂਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ। ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਸਮਾਗਮਾਂ ਸਬੰਧੀ ਸਵਾਲ ਦਾ ਜਵਾਬ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਸਮਾਗਮਾਂ ਸਮੇਂ ਸਾਰਿਆਂ ਨੂੰ ਖੁੱਲਾ ਸੱਦਾ ਹੈ ਅਤੇ ਸਰਕਾਰ ਨੂੰ ਵੱਖਰੇ ਧਾਰਮਿਕ ਸਮਾਗਮਾਂ ਦੀ ਥਾਂ ਵਿਕਾਸ ਕਾਰਜਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

**ਕੇਂਦਰ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਦਾ ਫੈਸਲਾ ਤੁਰੰਤ ਲਾਗੂ ਕਰੇ : ਐਡਵੋਕੇਟ ਧਾਮੀ**

## ਚੌਂਕ ਮਹਿਤਾ ਇੰਸਪੈਕਟਰ ਕੇਵਲ ਸਿੰਘ ਦੇ ਗ੍ਰਹਿ ਵਿਖੇ

# ਧੰਨ-ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਅਵਤਾਰ ਦਿਹਾੜਾ ਮਨਾਇਆ







**ਚੌਂਕ ਮਹਿਤਾ, 9 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪਾਵਨ ਪਵਿੱਤਰ ਪ੍ਰਕਾਸ਼ ਦਿਹਾੜਾ ਸ਼ਰਧਾ ਭਾਵਨਾ ਨਾਲ ਮਹਿਤਾ ਚੌਂਕ ਵਿਖੇ ਇੰਸਪੈਕਟਰ ਕੇਵਲ ਸਿੰਘ ਦੇ ਗ੍ਰਹਿ ਵਿਖੇ ਮਨਾਇਆ ਗਿਆ। ਜਿਸ ਵਿਚ ਸੰਤਾਂ, ਮਹਾਂਪੁਰਖਾ ਅਤੇ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰੀਆਂ ਭਰੀਆਂ ਬੇਅੰਤ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਸੰਤਾਂ ਮਹਾਂਪੁਰਖਾ ਅਤੇ ਇਲਾਕੇ ਦੀਆਂ ਸੰਗਤਾਂ ਦਾ ਪ੍ਰਵਾਰ ਵੱਲੋਂ ਬਹੁਤ ਧੰਨਵਾਦ ਕੀਤਾ ਗਿਆ ਗੁਰੂਘਰ ਦੇ ਸੇਵਾਦਾਰ ਇੰਸਪੈਕਟਰ ਕੇਵਲ ਸਿੰਘ , ਹਰਭਜਨ ਸਿੰਘ ਟੇਲਰਜ਼ ਮਹਿਤਾ , ਭੁਪਿੰਦਰ ਸਿੰਘ ਖਾਲਸਾ , ਦਲਜੀਤ ਸਿੰਘ , ਲਵਦੀਪ ਸਿੰਘ ਪਰਿਵਾਰ ਦੇ ਗ੍ਰਹਿ ਵਿਖੇ ਪਾਉਚੇ ਬਾਬਾ ਕੁਲਬੀਰ ਸਿੰਘ ਕਾਰ ਸੇਵਾ ਗੁਰੂ ਕਾ ਬਾਗ ਅਜਨਾਲਾ , ਸਿੰਘ ਸਾਹਿਬ ਬਾਬਾ ਜੋਗਾ ਸਿੰਘ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੌਜੂਦਾ ਮੁਖੀ , ਬਾਬਾ ਪਾਲਾ ਸਿੰਘ ਸੱਚਖੰਡ ਵਾਸੀ ਗਊਆਂ ਵਾਲੇ , ਸੱਚਖੰਡ ਵਾਸੀ ਬਾਬਾ ਮਾਨ ਸਿੰਘ ਜੀ – ਬਾਬਾ ਜਗਜੀਤ ਸਿੰਘ , ਬਾਬਾ ਮਨਜੀਤ ਸਿੰਘ ਗੁਰੂ ਨਾਨਕ ਦਲ ਮੜ੍ਹੀਆ ਵਾਲੇ , ਕਵੀ ਨੰਦਲਾਲ ਜੀ ਸਰਬਲੋ ਬੁੰਗਾ ਨੰਗਲੀ ਵਾਲੇ ਬਾਬਾ ਗੁਰਵਿੰਦਰ ਸਿੰਘ ਜੀ , ਬਾਬਾ ਮਹਿਲ ਸਿੰਘ ਕਾਰ ਸੇਵਾ ਗੁਰੂਆਣਾ ਸਾਹਿਬ , ਭਾਈ ਕੇਵਲ ਸਿੰਘ ਇੰਟਰਨੈਸ਼ਨਲ ਕਵੀਸ਼ਰੀ ਜਥਾ ਮਹਿਤਾ , ਭਾਈ ਗੁਰਜੰਟ ਸਿੰਘ ਜਥੇਦਾਰ ਤਰਨਾ ਦਲ ਮਹਿਤਾ ਚੌਂਕ , ਬਾਬਾ ਬਲਵਿੰਦਰ ਸਿੰਘ ਮਿਸਲ ਸ਼ਹੀਦਾਂ ਤਰਨਾ ਦਲ ਮਹਿਤਾ ਚੌਂਕ ਵਾਲੇ ਮਹਾਂਪੁਰਖ , ਬਾਬਾ ਜੋਗਿੰਦਰ ਸਿੰਘ ਜੀ ਕਾਰ ਸੇਵਾ ਲੋਪੋਕੇ ਗੁਰੂਦਵਾਰਾ ਸ਼ਹੀਦ ਗੰਜ ਵਾਲੇ , ਮੀਤ ਜਥੇਦਾਰ ਬਾਬਾ ਰਛਪਾਲ ਸਿੰਘ ਜੀ , ਬਾਬਾ ਸੁੱਖਾ ਸਿੰਘ ਮੰਨਣਾ ਵਾਲੇ ਮਿਸਲ ਸ਼ਹੀਦਾਂ ਤਰਨਾ ਦਲ ( ਸ਼ਰਦਾਈ ਦੇ ਲੰਗਰ ਲਾਏ ) , ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਵਾਲੇ , ਗਿਆਨੀ ਬਲਬੀਰ ਸਿੰਘ ਹੈਡ - ਗ੍ਰੰਥੀ ਗੁਰੂਆਣਾ ਸਾਹਿਬ , ਬਾਬਾ ਸੁਖਵੰਤ ਸਿੰਘ ਚੰਨਣਕੇ , ਬਾਬਾ ਨਵਤੇਜ ਸਿੰਘ ਸ਼ਹੀਦੀ ਸਥਾਨ ਗੁਰੂਦਵਾਰਾ ਚੇਲੇਆਣਾ ਸਾਹਿਬ ਤੋਂ , ਬਾਬਾ ਕਵਲਜੀਤ ਸਿੰਘ ਨਾਗੀਆਣਾ ਸਾਹਿਬ , ਬਾਬਾ ਗੁਰਮੀਤ ਸਿੰਘ ਜੀ ਵੈਦ ਬੱਦੋਵਾਲ ਵਾਲੇ ।ਇਸ ਮੌਕੇ ਤੇ ਸਰਦਾਈ,ਚਾਹ ਪਕੌੜਿਆਂ ਅਤੇ ਗੁਰੂ ਜੀ ਲੰਗਰ ਅਟੁੱਟ ਵਰਤਿਆ। ••

ਆਵਾਜ਼ਿ ਕੌਮ AWAZE QAUM International Newspaper & WEB TV



### ਮੁੱਖ ਮੰਤਰੀ ਨੇ ਸ਼ਰਧਾਲੂਆਂ ਨੂੰ ਦਰਸ਼ਨਾਂ ਲਈ ਅੰਮ੍ਰਿਤਸਰ ਲਿਜਾਣ ਵਾਲੀਆਂ

# ਬੱਸਾਂ ਦੇ ਪਹਿਲੇ ਜਥੇ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ





**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿਖੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਬੱਸਾਂ ਦੇ ਪਹਿਲੇ ਬੈਚ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਾਤਰਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ 29 ਅਕਤੂਬਰ, 2025 ਨੂੰ ਪਿੰਡ ਬਰੜਵਾਲ ਤੋਂ ਸ਼ੁਰੂ ਕੀਤੀ ਗਈ ਸੀ ਅਤੇ ਇਨ੍ਹਾਂ ਸ਼ਰਧਾਲੂਆਂ ਦੀ ਚੋਣ ਪਾਰਦਰਸ਼ੀ ਢੰਗ ਨਾਲ ਡਰਾਅ ਰਾਹੀਂ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਨਿਮਰ ਪਹਿਲ ਹੈ।

### ਕੇਂਦਰ ਸਰਕਾਰ ਵਿੱਚ ਅਹੁਦਿਆਂ ਦੀ ਲਾਲਸਾ ਕਰਕੇ ਭਾਜਪਾ ਵਿੱਚ ਸ਼ਾਮਲ ਹੋਏ ਕਾਂਗਰਸੀ ਆਗੂ ਸਿਰਫ਼ 'ਸਜਾਵਟੀ ਮੰਤਰੀ'

ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲ ਉਨ੍ਹਾਂ ਬਜ਼ੁਰਗ ਨਾਗਰਿਕਾਂ ਦੀ ਦਿਲੀ ਇੱਛਾ ਨੂੰ ਪੂਰਾ ਕਰ ਰਹੀ ਹੈ, ਜੋ ਲੰਬੇ ਸਮੇਂ ਤੋਂ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ-ਦੀਦਾਰ ਦੀ ਤਾਂਘ ਰੱਖੀ ਬੈਠੇ ਸਨ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ, ਜੱਲ੍ਹਿਆਂਵਾਲਾ ਬਾਗ, ਪਾਰਟਿਸ਼ਨ ਮਿਊਜ਼ੀਅਮ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਵਾਏ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਯੋਜਨਾ ਸਾਰੀਆਂ ਜਾਤਾਂ, ਧਰਮਾਂ, ਆਮਦਨ ਵਰਗਾਂ ਅਤੇ ਹਰ ਖਿੱਤੇ ਨਾਲ ਸਬੰਧਤ ਲੋਕਾਂ ਲਈ ਹੈ।

ਹੋਰ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸ਼ਰਧਾਲੂਆਂ ਲਈ ਤਿੰਨ ਦਿਨ ਅਤੇ ਦੋ ਰਾਤਾਂ ਦੀ ਮੁਫ਼ਤ ਠਹਿਰ ਲਈ ਵਿਸਤ੍ਰਿਤ ਪ੍ਰਬੰਧ ਕੀਤੇ ਹਨ। ਉਨ੍ਹਾਂ ਕਿਹਾ ਕਿ 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸ਼ਰਧਾਲੂਆਂ ਨੂੰ ਯਾਤਰਾ ਲਈ ਰਜਿਸਟਰ ਕੀਤਾ ਗਿਆ ਹੈ ਅਤੇ ਰਜਿਸਟ੍ਰੇਸ਼ਨ ਲਈ ਵੋਟਰ ਆਈਡੀ ਕਾਰਡ ਲਾਜ਼ਮੀ ਕੀਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਰਧਾਲੂਆਂ ਨੂੰ ਏਸੀ ਬੱਸਾਂ, ਏਸੀ ਹੋਟਲ ਰਿਹਾਇਸ਼ ਅਤੇ ਖਾਣਾ ਮੁਫ਼ਤ ਪ੍ਰਦਾਨ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਨੇ ਕਿਹਾ ਕਿ ਹਰੇਕ ਬੱਸ ਵਿੱਚ ਯਾਤਰੀਆਂ ਦੀ ਸਹਾਇਤਾ ਲਈ ਇੱਕ ਸਹਾਇਕ ਹੋਵੇਗਾ ਅਤੇ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਮੈਡੀਕਲ ਟੀਮ ਵੀ ਸ਼ਰਧਾਲੂਆਂ ਦੇ ਨਾਲ ਹੋਵੇਗੀ। ਉਨ੍ਹਾਂ ਕਿਹਾ ਕਿ ਯਾਤਰਾ ਦੀ ਸਮਾਪਤੀ ਤੋਂ ਬਾਅਦ, ਸਾਰੇ ਸ਼ਰਧਾਲੂਆਂ ਨੂੰ ਪ੍ਰਸ਼ਾਦ ਵੰਡਿਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਦੇਵੀ-ਦੇਵਤਿਆਂ, ਸੰਤਾਂ-ਪੀਰਾਂ ਅਤੇ ਸ਼ਹੀਦਾਂ ਦੀ ਪਵਿੱਤਰ ਧਰਤੀ ਹੈ ਜਿਨ੍ਹਾਂ ਨੇ ਸਾਨੂੰ ਆਪਸੀ ਭਾਈਚਾਰੇ, ਸਾਂਝ ਅਤੇ ਏਕਤਾ ਦਾ ਸੰਦੇਸ਼ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਵਡਭਾਗਾ ਸਮਝਦੇ ਹਨ ਕਿ ਪ੍ਰਮਾਤਮਾ ਨੇ ਉਨ੍ਹਾਂ ਨੂੰ ਇਸ ਨੇਕ ਕਾਰਜ ਰਾਹੀਂ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਾਨ ਗੁਰੂ ਸਾਹਿਬਾਨ, ਜਿਨ੍ਹਾਂ ਨੇ ਲੋਕਾਂ ਨੂੰ ਆਪਸੀ ਭਾਈਚਾਰੇ, ਏਕਤਾ ਅਤੇ ਸ਼ਾਂਤੀ ਦਾ ਸੰਦੇਸ਼ ਦਿੱਤਾ, ਦੀਆਂ ਸਿੱਖਿਆਵਾਂ ਅਤੇ ਫ਼ਲਸਫ਼ੇ ਅਨੁਸਾਰ ਉਲੀਕੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਸਮਾਜ ਦਾ ਇੱਕ ਵੱਡਾ ਵਰਗ ਕਿਸੇ ਨਾ ਕਿਸੇ ਕਾਰਨ ਕਰਕੇ ਦੇਸ਼ ਭਰ ਵਿੱਚ ਇਨ੍ਹਾਂ ਪਵਿੱਤਰ ਅਸਥਾਨਾਂ ਦੇ ਦਰਸ਼ਨ ਨਹੀਂ ਕਰ ਸਕਿਆ।

ਮੁੱਖ ਮੰਤਰੀ ਨੇ ਕਿਹਾ ਕਿ ਹੁਣ ਸੂਬਾ ਸਰਕਾਰ ਨੇ ਇਹ ਯੋਜਨਾ ਦੇਸ਼ ਅਤੇ ਸੂਬੇ ਭਰ ਦੇ ਵੱਖ-ਵੱਖ ਪਵਿੱਤਰ ਅਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਵਾਸਤੇ ਸ਼ੁਰੂ ਕੀਤੀ ਹੈ। ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਦਿਵਸ ਦੀ ਯਾਦ ਵਿੱਚ ਵੱਖ-ਵੱਖ ਜ਼ਿਲ੍ਹਿਆਂ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਵੱਖ-ਵੱਖ ਧਾਰਮਿਕ ਸਮਾਗਮਾਂ ਅਤੇ ਮੁੱਖ ਪ੍ਰੋਗਰਾਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਇਸ ਇਤਿਹਾਸਕ ਮੌਕੇ ਨੂੰ ਮਨਾਉਣ ਲਈ ਲੜੀਵਾਰ ਸਮਾਗਮਾਂ ਦਾ ਪ੍ਰੋਗਰਾਮ ਉਲੀਕਿਆ ਹੈ।

ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਕਾਂਗਰਸ ਮੁਖੀ ਆਪਣਾ ਮਾਨਸਿਕ ਸੰਤੁਲਨ ਗੁਆ ਚੁੱਕੇ ਹਨ ਜਿਸ ਕਾਰਨ ਉਹ ਗੈਰ-ਜ਼ਿੰਮੇਵਾਰ ਅਤੇ ਤਰਕਹੀਣ ਬਿਆਨ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਬੇਤੁਕੇ ਬਿਆਨ ਕਿਸੇ ਆਮ ਜਾਂ ਸਮਝਦਾਰ ਵਿਅਕਤੀ ਦੁਆਰਾ ਨਹੀਂ ਦਿੱਤੇ ਜਾਂਦੇ। ਉਨ੍ਹਾਂ ਕਿਹਾ ਕਿ ਤਰਨ ਤਾਰਨ ਚੋਣਾਂ ਵਿੱਚ ਆਪਣੀ ਪਾਰਟੀ ਦੀ ਸਪੱਸ਼ਟ ਹਾਰ ਨੂੰ ਮਹਿਸੂਸ ਕਰਦਿਆਂ ਸੂਬਾ ਕਾਂਗਰਸ ਮੁਖੀ ਬੌਖਲਾਏ ਹੋਏ ਹਨ, ਜਿਸ ਕਾਰਨ ਉਹ ਅਜਿਹੀਆਂ ਘਟੀਆ ਹਰਕਤਾਂ ਕਰ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੂੜੇ ਦੇ ਢੇਰਾਂ ਅਤੇ ਭਾਜਪਾ ਆਗੂਆਂ ਦੇ ਘਰਾਂ 'ਚੋਂ ਕ੍ਰਮਵਾਰ ਵੀਵੀਪੈਟ ਅਤੇ ਈਵੀਐਮ ਦੀਆਂ ਪਰਚੀਆਂ ਮਿਲਣਾ ਭਾਰਤ ਦੇ ਚੋਣ ਕਮਿਸ਼ਨ ਦੇ ਕੰਮਕਾਜ ਦੇ ਨਾਲ-ਨਾਲ ਆਜ਼ਾਦ ਅਤੇ ਨਿਰਪੱਖ ਚੋਣਾਂ 'ਤੇ ਗੰਭੀਰ ਸਵਾਲੀਆ ਨਿਸ਼ਾਨ ਖੜ੍ਹਾ ਕਰਦਾ ਹੈ।

ਮੁੱਖ ਮੰਤਰੀ ਨੇ ਇਸ ਗੱਲ 'ਤੇ ਚਿੰਤਾ ਪ੍ਰਗਟ ਕੀਤੀ ਕਿ ਭਾਰਤੀ ਚੋਣ ਕਮਿਸ਼ਨ ਦੀ ਘਟਦੀ ਭਰੋਸੇਯੋਗਤਾ ਲੋਕਤੰਤਰ ਲਈ ਘਾਤਕ ਸਾਬਤ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਰਾਜਨੀਤਿਕ ਪਾਰਟੀ ਈਵੀਐਮ ਅਤੇ ਵੋਟ ਚੋਰੀ 'ਤੇ ਸਵਾਲ ਉਠਾ ਰਹੀ ਹੈ ਤਾਂ ਚੋਣ ਕਮਿਸ਼ਨ ਨੂੰ ਆਪਣੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਾਲਾਂਕਿ ਚੋਣ ਕਮਿਸ਼ਨ ਇਸ ਪ੍ਰਤੀ ਚੁੱਪ ਹੈ ਜਦੋਂ ਕਿ ਭਾਜਪਾ ਇਸਦੇ ਬੁਲਾਰੇ ਵਜੋਂ ਕੰਮ ਕਰ ਰਹੀ ਹੈ, ਜੋ ਕਿ ਸਰਾਸਰ ਗਲਤ ਹੈ। ਮੁੱਖ ਮੰਤਰੀ ਨੇ ਦੁਹਰਾਇਆ ਕਿ ਕੇਂਦਰ ਵਿੱਚ ਭਾਜਪਾ ਦੀ ਅਗਵਾਈ ਵਾਲੀ ਐਨਡੀਏ ਸਰਕਾਰ ਪੰਜਾਬ ਯੂਨੀਵਰਸਿਟੀ 'ਚ ਪਿਛਲੇ ਦਰਵਾਜ਼ੇ ਥਾਈਂ ਦਾਖ਼ਲ ਹੋਣ ਦੀ ਜੱਦੋ-ਜਹਿਦ ਕਰ ਰਹੀ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਅਜਿਹਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ੁਰੂਆਤ ਤੋਂ ਹੀ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਸਾਡੇ ਸੂਬੇ ਦੀ ਭਾਵਨਾਤਮਕ, ਸੱਭਿਆਚਾਰਕ, ਸਾਹਿਤਕ ਅਤੇ ਅਮੀਰ ਵਿਰਾਸਤ ਦਾ ਹਿੱਸਾ ਹੈ। ਭਗਵੰਤ ਸਿੰਘ ਮਾਨ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਦੇ ਵਜੂਦ ਨੂੰ ਬਦਲਣ ਲਈ ਲਾਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਪੰਜਾਬ ਸਰਕਾਰ ਵਿਦਿਆਰਥੀਆਂ ਦੇ ਵਡੇਰੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਅਜਿਹੇ ਕਿਸੇ ਵੀ ਮਨਸੂਬੇ ਨੂੰ ਕਾਮਯਾਬ ਨਹੀਂ ਹੋਣ ਦੇਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਪੰਜਾਬ ਵਿਰੋਧੀ ਮਾਨਸਿਕਤਾ ਤੋਂ ਪੀੜਤ ਹੈ ਜਿਸ ਕਾਰਨ ਉਹ ਸੂਬੇ ਨੂੰ ਬਰਬਾਦ ਕਰਨ 'ਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸੂਬੇ ਦੀਆਂ ਝਾਕੀਆਂ ਨੂੰ ਆਜ਼ਾਦੀ ਦਿਵਸ ਅਤੇ ਗਣਤੰਤਰ ਦਿਵਸ ਸਮਾਗਮਾਂ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਦਿੰਦੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਬੀਬੀਐਮਬੀ, ਪੰਜਾਬ ਯੂਨੀਵਰਸਿਟੀ ਅਤੇ ਹੋਰ ਮਾਮਲਿਆਂ ਵਿੱਚ ਬੇਲੋੜੀ ਦਖਲਅੰਦਾਜ਼ੀ ਭਗਵਾ ਪਾਰਟੀ ਦੇ ਸੂਬੇ ਪ੍ਰਤੀ ਵਿਰੋਧੀ ਰਵੱਈਏ ਨੂੰ ਦਰਸਾਉਂਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਕਾਂਗਰਸ ਦੇ ਆਗੂ, ਜੋ ਭਾਰਤ ਸਰਕਾਰ ਵਿੱਚ ਅਹੁਦਿਆਂ ਲਈ ਭਾਜਪਾ ਵਿੱਚ ਸ਼ਾਮਲ ਹੋਏ ਸਨ, ਉਹ ਸਿਰਫ਼ 'ਸਜਾਵਟੀ ਮੰਤਰੀ' ਹਨ ਕਿਉਂਕਿ ਉਨ੍ਹਾਂ ਕੋਲ ਕਿਸੇ ਵੀ ਪ੍ਰੋਜੈਕਟ ਨੂੰ ਮਨਜ਼ੂਰੀ ਦੇਣ ਦੀ ਸ਼ਕਤੀ ਨਹੀਂ ਹੈ। ਉਨ੍ਹਾਂ ਨੇ ਚੁਟਕੀ ਲੈਂਦਿਆਂ ਕਿਹਾ ਕਿ ਜਯੋਤਿਰਦਿੱਤਿਆ ਸਿੰਧੀਆ, ਰਵਨੀਤ ਬਿੱਟੂ ਅਤੇ ਅਜਿਹੇ ਕਈ ਹੋਰਾਂ ਆਗੂਆਂ ਕੋਲ ਸੂਬਿਆਂ ਨੂੰ ਕੋਈ ਪ੍ਰੋਜੈਕਟ ਦੇਣ ਦੀ ਸ਼ਕਤੀ ਹੀ ਨਹੀਂ ਹੈ ਅਤੇ ਉਹ ਸਿਰਫ਼ ਨਾਮ ਦੇ ਕੇਂਦਰੀ ਮੰਤਰੀ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਐਨਡੀਏ ਸਰਕਾਰ ਵੱਲੋਂ ਮੁੱਖ ਸੈਕਟਰਾਂ ਦੇ ਨਿੱਜੀਕਰਨ ਨੂੰ ਵੱਡਾ ਹੁਲਾਰਾ ਦੇਣ ਦੇ ਨਾਲ ਇਨ੍ਹਾਂ ਮੰਤਰੀਆਂ ਕੋਲ ਕਰਨ ਨੂੰ ਕੁਝ ਨਹੀਂ ਹੈ।

ਮੁੱਖ ਮੰਤਰੀ ਨੇ ਇਸ ਗੰਭੀਰ ਸੰਕਟ ਦੀ ਘੜੀ ਵਿੱਚ ਸੂਬੇ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਲਈ ਕੇਂਦਰ ਸਰਕਾਰ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸੂਬੇ ਨੂੰ ਹੜ੍ਹ ਰਾਹਤ ਲਈ ਪ੍ਰਧਾਨ ਮੰਤਰੀ ਵੱਲੋਂ ਐਲਾਨੇ ਗਏ 1600 ਕਰੋੜ ਰੁਪਏ ਅਜੇ ਤੱਕ ਨਹੀਂ ਮਿਲੇ ਹਨ। ਉਨ੍ਹਾਂ ਕਿਹਾ ਕਿ ਸਥਿਤੀ ਨੂੰ ਹੋਰ ਵਿਗਾੜਨ ਲਈ ਕੇਂਦਰ ਸਰਕਾਰ ਇਨ੍ਹਾਂ ਫੰਡਾਂ ਵਿੱਚੋਂ ਵੀ ਚੱਲ ਰਹੀਆਂ ਹੋਰ ਯੋਜਨਾਵਾਂ ਦੇ ਖ਼ਰਚਿਆਂ ਨੂੰ ਐਡਜਸਟ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਸੂਬੇ, ਜੋ ਦੇਸ਼ ਦਾ ਅੰਨਦਾਤਾ ਅਤੇ ਖੜਗ ਭੁਜਾ ਹੈ, ਨਾਲ ਇਹ ਦੁਰਵਿਵਹਾਰ ਬੰਦ ਕਰਨਾ ਚਾਹੀਦਾ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਸੂਬੇ ਦੇ ਅੰਨ ਉਤਪਾਦਕਾਂ ਨੂੰ ਭਾਰੀ ਨੁਕਸਾਨ ਝੱਲਣਾ ਪਿਆ ਹੈ, ਇਸ ਲਈ ਸੂਬਾ ਸਰਕਾਰ ਉਨ੍ਹਾਂ ਨੂੰ 74 ਕਰੋੜ ਰੁਪਏ ਦਾ ਦੋ ਲੱਖ ਕੁਇੰਟਲ ਬੀਜ ਮੁਫ਼ਤ ਪ੍ਰਦਾਨ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ ਕਿਸਾਨਾਂ ਨੂੰ ਮੁਫ਼ਤ ਬੀਜ ਵੰਡਣ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ, ਜੋ ਜਲਦੀ ਹੀ ਪੂਰੀ ਹੋ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਨੂੰ ਫ਼ਸਲਾਂ ਦੇ ਨੁਕਸਾਨ ਲਈ 20,000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਵੰਡਿਆ ਹੈ, ਜੋ ਕਿ ਅਜੇ ਤੱਕ ਦੇਸ਼ ਵਿੱਚ ਕਿਸੇ ਵੀ ਸੂਬਾ ਸਰਕਾਰ ਵੱਲੋਂ ਦਿੱਤਾ ਗਿਆ ਸਭ ਤੋਂ ਵੱਧ ਮੁਆਵਜ਼ ਹੈ।

ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਹੋਰ ਮੌਜੂਦ ਸਨ।

# ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਅੱਡਾ ਨਾਥ ਖੂਹੀ ਵਿਖੇ ਨਗਰ ਕੀਰਤਨ ਕੀਤਾ ਨਿੱਘਾ ਸਵਾਗਤ



**ਚੌਕ ਮਹਿਤਾ, 9 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਹਵੇਲੀ ਸਾਹਿਬ ਜੀ ਚੰਨਣਕੇ ਤੋਂ ਆਰੰਭ ਹੋ ਕੇ ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਅੱਡਾ ਨਾਥ ਖੂੰਹੀ ਤੇ ਪਾਉਚੰਣ ਤੇ ਪ੍ਰਿੰਸੀਪਲ ਸ਼ਿਵਚਰਨ ਸਿੰਘ ਰੰਧਾਵਾ ਨੇ ਨਿੱਘਾ ਸਵਾਗਤ ਕੀਤਾ। ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਵਾਸਤੇ ਸੁੰਦਰ ਰੁਮਾਲਾ ਸਾਹਿਬ ਪੰਜ ਪਿਆਰਿਆਂ ਸਾਹਿਬਾਨ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਅਤੇ ਸੰਗਤਾਂ ਵਾਸਤੇ ਚਾਹ ਪਕੌੜਿਆਂ ਦਾ ਖੁੱਲ੍ਹਾ ਲੰਗਰ ਆਟੁਟ ਵਰਤਿਆ। ਇਸ ਮੌਕੇ ਤੇ ਪ੍ਰੋ, ਸ਼ਿਵਚਰਨ ਸਿੰਘ ਰੰਧਾਵਾ, ਸੂਬੇਦਾਰ ਵਿਜੇ ਪ੍ਰਤਾਪ ਸਿੰਘ, ਪਰਮਿੰਦਰ ਸਿੰਘ ਫੋਜੀ, ਹਰਪ੍ਰੀਤ ਸਿੰਘ ਨੰਬਰਦਾਰ, ਡਾਕਟਰ ਬੰਦਨ ਜੀਤ ਸਿੰਘ, ਮਨਵੀਰ ਸਿੰਘ ਆਦਿ ਸੇਵਾਦਾਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਰਤੀ ਕਿਸਾਨ ਯੂਨੀਅਨ ਖੋਸਾ ਦੀ ਮਹੀਨਾਵਾਰ ਮੀਟਿੰਗ ਹੋਈ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਵਿਖੇ



ਫ਼ਿਰੋਜ਼ਪੁਰ, 09 ਨਵੰਬਰ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਖੋਸਾ ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਸ੍ਰੀ ਜਾਮਨੀ ਸਾਹਿਬ ਬਜੀਦਪੁਰ ਵਿਖੇ ਹੋਈ ਜਿਸ ਵਿੱਚ ਵੱਖ—ਵੱਖ ਬਲਾਕਾਂ ਦੇ ਪ੍ਰਧਾਨ ਜਿਲ੍ਹਾ ਅਹੁਦੇਦਾਰ,ਅਤੇ ਸੂਬਾ ਆਗੂਆਂ ਨੇ ਸ਼ਿਰਕਤ ਕੀਤੀ ਜਿਸ ਵਿੱਚ ਵਿਸ਼ੇਸ਼ ਤੌਰ ਤੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਨੇ ਸੰਬੋਧਨ ਕਰਦਿਆਂ ਚੰਡੀਗੜ੍ਹ ਪੰਜਾਬ ਯੂਨੀਵਰਸਿਟੀ ਦੇ ਮਸਲਿਆਂ ਤੇ ਚਾਨਣ ਪਾਇਆ ਕਿ ਕਿਵੇਂ ਸਾਡੇ ਤੋਂ ਇਹ ਯੂਨੀਵਰਸਿਟੀ ਦੇ ਸਰਕਾਰ ਹੱਕ ਖੋਹਣ ਜਾ ਰਹੀਆਂ ਹਨ ਅਤੇ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਕੌਮੀ ਇਨਸਾਫ ਮੋਰਚੇ ਦਾ ਸਾਥ ਦੇਣ ਲਈ ਸਭ ਨੂੰ ਅਪੀਲ ਕੀਤੀ ਅਤੇ ਦਿੱਲੀ ਵਿੱਚ ਹੋ ਰਹੇ ਇਕੱਠ ਵਿੱਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਲਈ ਭਾਰਤੀ ਕਿਸਾਨ ਯੂਨੀਅਨ ਖੋਸਾ ਵਲੋਂ ਹਜ਼ਾਰਾਂ ਦੀ ਗਿਣਤੀ ਵਿੱਚ ਵਰਕਰ ਸ਼ਾਮਿਲ ਹੋਣਗੇ ਅਤੇ ਇਨਸਾਫ ਲਈ ਗੂੰਗੀਆਂ ਬੋਲੀਆਂ ਸਰਕਾਰਾਂ ਨੂੰ ਜਗਾਉਣਗੇ। ਇਸ ਮੌਕੇ ਫਤਿਹ ਸਿੰਘ ਕੋਟ ਕਰੋੜ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਬੋਲਦਿਆਂ ਕਿਹਾ ਕਿ ਜੇਕਰ ਕਿਸੇ ਦੁਕਾਨਦਾਰ ਨੇ ਡੀ.ਏ.ਪੀ ਨਾਲ ਟੈਗਿੰਗ ਕੀਤੀ ਤਾਂ ਉਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਜਸਵੀਰ ਸਿੰਘ ਢੋਲੇ ਵਾਲਾ ਮੀਤ ਪ੍ਰਧਾਨ ਪੰਜਾਬ ਨੇ ਕਿਹਾ ਕਿ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਨੂੰ ਸਾੜਨ ਦੇ ਜਿੰਨਾ ਕਿਸਾਨਾਂ ਤੇ ਪਰਚੇ ਦਰਜ ਕੀਤੇ ਹਨ ਉਨ੍ਹਾਂ ਨੂੰ ਰੱਦ ਕੀਤਾ ਜਾਵੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬੇ ਦੇ ਮੀਤ ਪ੍ਰਧਾਨ ਮਨਜੀਤ ਸਿੰਘ ਔਲਖ ਨੇ ਬਿਜਲੀ ਬਿੱਲ 2020 ਨੂੰ ਰੱਦ ਕਰਨ ਦੀ ਮੰਗ ਕੀਤੀ। ਇਸ ਤੋਂ ਇਲਾਵਾ ਮੀਟਿੰਗ ਨੂੰ ਸੂਬੇ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਭੁੱਲਰ, ਕੁਲਵਿੰਦਰ ਸਿੰਘ ਰਟੌਲ ਰੋਹੀ ਸੂਬਾ ਕਮੇਟੀ ਮੈਂਬਰ, ਕਿਰਪਾਲ ਸਿੰਘ ਸੂਸਕ ਸੂਬਾ ਮੀਤ ਪ੍ਰਧਾਨ, ਜ਼ਿਲ੍ਹਾ ਪ੍ਰਧਾਨ ਦਲੀਪ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਜਿਲਾ ਮੀਤ ਪ੍ਰਧਾਨ ਗੁਰਨਾਮ ਸਿੰਘ, ਬਲਾਕ ਫਿਰੋਜ਼ਪੁਰ ਦੇ ਪ੍ਰਧਾਨ ਚਰਨਜੀਤ ਸਿੰਘ ਗਿੱਲ, ਬਲਾਕ ਮਮਦੋਟ ਦੇ ਮੀਤ ਪ੍ਰਧਾਨ ਬੋਹੜ ਸਿੰਘ, ਕੁੰਦਨ ਸਿੰਘ ਨੂਰਪੁਰ, ਬਾਬਾ ਅਵਤਾਰ ਸਿੰਘ ਸੂਸ਼ਕ, ਡਾਕਟਰ ਕਵਲਜੀਤ ਸਿੰਘ ਸੂਸਕ, ਮਨਪ੍ਰੀਤ ਸਿੰਘ ਧੀਰਾ ਪੱਤਰਾ ਆਦਿ ਬੁਲਾਰਿਆ ਨੇ ਸੰਬੋਧਨ ਕੀਤਾ। ਇਸ ਮੌਕੇ ਜ਼ਿਲਾ ਖਜਾਨਚੀ ਸੁਰਜੀਤ ਸਿੰਘ ਸੱਗੂ, ਸੁਖਦੇਵ ਸਿੰਘ ਲਾਇਲਪੁਰੀ, ਅਵਤਾਰ ਸਿੰਘ ਭੁੱਲਰ, ਚਮਕੌਰ ਸਿੰਘ ਰਟੌਰ ਰੋਹੀ ਜਿਲਾ ਮੀਤ ਪ੍ਰਧਾਨ, ਸੁਖਮੰਦਰ ਸਿੰਘ ਕੋਟ ਕਰੋੜ ਜ਼ਿਲਾ ਕੋਰ ਕਮੇਟੀ ਮੈਂਬਰ, ਮਾਸਟਰ ਗੁਰਦੇਵ ਸਿੰਘ ਦਰਸ਼ਨ ਸਿੰਘ, ਸਾਬਕਾ ਸਰਪੰਚ ਸਰਵਣ ਸਿੰਘ, ਬਲਵਿੰਦਰ ਸਿੰਘ ਔਲਖ, ਅਵਤਾਰ ਸਿੰਘ ਇਕਾਈ ਪ੍ਰਧਾਨ ਨੂਰਪੁਰ, ਸੁਖਮੰਦਰ ਸਿੰਘ ਮਿਸ਼ਰੀਵਾਲਾ, ਦਲੇਰ ਸਿੰਘ ਮਿਸ਼ਰੀਵਾਲਾ, ਬਲਜੀਤ ਸਿੰਘ ਇਕਾਈ ਪ੍ਰਧਾਨ ਝੋਕ ਹਰੀਹਰ, ਮੇਜਰ ਸਿੰਘ ਇਕਾਈ ਪ੍ਰਧਾਨ ਛੂਛਕ, ਜਗਸੀਰ ਸਿੰਘ ਬਰਨਾਲਾ, ਗੁਰਾ ਸਿੰਘ ਇਕਾਈ ਪ੍ਰਧਾਨ ਮਲੋਕੇ, ਕੇਹਰ ਸਿੰਘ ਇਕਾਈ ਪ੍ਰਧਾਨ ਰਟੌਲ ਰੋਹੀ, ਸਰਵਨ ਸਿੰਘ ਇਕਾਈ ਪ੍ਰਧਾਨ ਜਾਮਾ ਰਖਈਆ ਉਤਾੜ, ਰਿਟਾਇਰਡ ਐਸਡੀਓ ਜਸਵੰਤ ਸਿੰਘ ਭਾਗੋ ਕੇ, ਜੁਝਾਰ ਸਿੰਘ ਨੰਬਰਦਾਰ, ਹਰਜੀਤ ਸਿੰਘ ਕੋਟ ਕਰੋੜ, ਮੋਹਨ ਸਿੰਘ ਕੋਟ ਕਰੋੜ, ਚਮਕੌਰ ਸਿੰਘ ਕੋਟ ਕਰੋੜ ਤੋਂ ਇਲਾਵਾ ਵੱਖ—ਵੱਖ ਇਕਾਈਆਂ ਦੇ ਪ੍ਰਧਾਨ, ਅਹੁਦੇਦਾਰ ਅਤੇ ਪਿੰਡਾਂ ਦੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਅੰਤ ਵਿੱਚ ਦਲੀਪ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਨੇ ਆਏ ਸਾਰੇ ਕਿਸਾਨ ਆਗੂਆਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਾਤਸ਼ਾਹੀ ਦਾਵਾ ਜੱਥੇਬੰਦੀ ਨੇ ਨਿਊਜ਼ੀਲੈਂਡ ਵਿੱਚ ਭਾਰਤੀ ਹਾਈ ਕਮਿਸ਼ਨਰ ਵਲੋਂ ਨਵੰਬਰ ਦੇ ਪਹਿਲੇ ਹਫਤੇ ਨੂੰ

# ‘ਪੰਜਾਬੀ ਹਫ਼ਤਾ’ ਮਨਾਉਣ ਦਾ ਕੀਤਾ ਭਾਰੀ ਵਿਰੋਧ




**ਨਵੀਂ ਦਿੱਲੀ 9 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਸਮੂਹ ਪਾਤਸ਼ਾਹੀ ਦਾਵਾ ਨੇ ਨਿਊਜ਼ੀਲੈਂਡ ਵਿੱਚ ਭਾਰਤ ਸਰਕਾਰ ਦੇ ਰਾਜਦੂਤ ਵਲੋਂ ਨਵੰਬਰ ਦੇ ਪਹਿਲੇ ਹਫਤੇ ਨੂੰ ‘ਪੰਜਾਬੀ ਹਫ਼ਤਾ’ ਮਨਾਉਣ ਨੂੰ 1984 ਦੇ ਸਿੱਖ ਨਸਲਕੁਸ਼ੀ ਤੋਂ ਧਿਆਨ ਭਟਕਾਉਣ ਦੀ ਕੋਸ਼ਿਸ਼ ਵਜੋਂ ਨਿੰਦਾ ਕੀਤੀ ਹੈ। ਭਾਰਤੀ ਹਾਈ ਕਮਿਸ਼ਨਰ ਨੇ ਨਵੰਬਰ ਦੇ ਪਹਿਲੇ ਹਫ਼ਤੇ ਨੂੰ ਪੰਜਾਬੀ ਭਾਸ਼ਾ ਹਫ਼ਤਾ ਘੋਸ਼ਿਤ ਕੀਤਾ ਜਿਸ ਵਿੱਚ ਨਿਊਜ਼ੀਲੈਂਡ ਭਰ ਵਿੱਚ ਨਾਚ ਅਤੇ ਭੰਗੜਾ ਪ੍ਰੋਗਰਾਮ ਆਯੋਜਿਤ ਕੀਤੇ ਗਏ ਹਨ। ਹਾਲਾਂਕਿ, ਸਿੱਖ ਸੰਗਠਨ ਪਾਤਸ਼ਾਹੀ ਦਾਵਾ ਨਿਊਜ਼ੀਲੈਂਡ ਨੇ ਇਸ ਕਦਮ ਦੀ ਸਖ਼ਤ ਨਿੰਦਾ ਕੀਤੀ ਹੈ, ਇਸਨੂੰ ਨਵੰਬਰ 1984 ਦੇ ਉਸੇ ਹਫ਼ਤੇ ਹੋਈ ਸਿੱਖ ਨਸਲਕੁਸ਼ੀ ਨੂੰ ਢੱਕਣ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਕਿਹਾ ਹੈ, ਜਦੋਂ 30,000 ਤੋਂ ਵੱਧ ਸਿੱਖ ਮਾਰੇ ਗਏ ਸਨ ਅਤੇ ਭਾਰਤ ਭਰ ਵਿੱਚ ਹਜ਼ਾਰਾਂ ਸਿੱਖ ਔਰਤਾਂ ਨਾਲ ਬਲਾਤਕਾਰ ਕੀਤਾ ਗਿਆ, ਸਿੱਖਾਂ ਦੇ ਗਲੇ ਅੰਦਰ ਟਾਇਰ ਪਾ ਕੇ ਸਾੜਣ ਦੇ ਨਾਲ ਦੁੱਧ ਚੁੰਘਦੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਵੀ ਨਹੀਂ ਬਖਸ਼ਿਆ ਗਿਆ । ਸਿੱਖਾਂ ਦੀ ਅਰਬਾਂ ਰੁਪਏ ਦੀ ਜਾਇਦਾਦ ਲੁਟ ਅਤੇ ਬਰਬਾਦ ਕਰ ਦਿੱਤੀ ਗਈ ਸੀ। ਸਿੱਖ ਬੀਬੀਆਂ ਦੀ ਸੰਸਾਰ ਅੰਦਰ ਇਕੋ ਇਕ ਵਿਧਵਾ ਕਲੋਨੀ ਬਣ ਗਈ ਜੋ ਕਿ ਭਾਰਤ ਉਪਰ ਇਕ ਨਾ ਮਿੱਟ ਸਕਣ ਵਾਲਾ ਇਕ ਕਾਲਾ ਧੱਬਾ ਲਗ ਚੁੱਕਾ ਹੈ । ਸਿੱਖਾਂ ਦੇ ਕਾਤਲ ਹਾਲੇ ਵੀਂ ਖੁਲੇਆਮ ਘੁੰਮ ਰਹੇ ਹਨ । ਸਮੂਹ ਨੇ ਭਾਰਤ ਸਰਕਾਰ ’ਤੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਇਹ ਸਮਝ ਰਹੇ ਹਨ ਕਿ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਨਾਲ ਸਿੱਖ ਪੰਥ ਨਵੰਬਰ 84 ਦੀ ਸਿੱਖ ਨਸਲਕੁਸ਼ੀ ਭੁੱਲ ਜਾਣਗੇ ਪਰ ਓਹ ਗਲਤਫਹਿਮੀ ਵਿਚ ਹਨ ਜਦੋ ਤਕ ਜਾਗਦੀ ਜਮੀਰ ਵਾਲੇ ਸਿੱਖ ਜਿਓਂਦੇ ਹਨ ਇਹ ਕਦੇ ਵੀਂ ਨਾ ਭੁੱਲ ਸਕਣ ਵਾਲਾ ਕੀਤਾ ਗਿਆ ਘਿਨੌਣਾ ਕਾਰਾ ਕਦੇ ਵੀਂ ਨਹੀਂ ਭੁੱਲਿਆ ਜਾ ਸਕਦਾ ਹੈ ਤੇ ਇਸ ਦਾ ਹਰ ਸਿੱਖ ਰਹਿੰਦੀ ਜਿੰਦਗੀ ਤਕ ਵਿਰੋਧ ਕਰਦਾ ਰਹੇਗਾ ਤੇ ਵਿਦੇਸ਼ਾਂ ਵਿੱਚ ਜਦੋ ਵੀਂ ਭਾਰਤੀ ਰਾਜਦੂਤ ਆਣਗੇ ਉਨ੍ਹਾਂ ਦਾ ਵੀਂ ਵੱਡੇ ਪੱਧਰ ਤੇ ਵਿਰੋਧ ਹੁੰਦਾ ਰਹੇਗਾ।

**ਨਵੰਬਰ 1984 ਸਿੱਖ ਨਸਲਕੁਸ਼ੀ ਨੂੰ ਵਿਸਾਰ ਕੇ ਕਰਵਾਏ ਗਏ ਨਾਚ ਭੰਗੜੇ ਦੇ ਪ੍ਰੋਗਰਾਮ**

ਭਾਈ ਸੰਦੀਪ ਸਿੰਘ ਸੰਨੀ ਦੀ ਧਰਮ ਪਤਨੀ ਵੱਲੋਂ

# ਭਾਈ ਮਨਦੀਪ ਸਿੰਘ ਖਾਲਸਾ ਨੂੰ ਜਿਤਾਉਣ ਲਈ ਭਾਵੁਕ ਅਪੀਲ



**ਅੰਮ੍ਰਿਤਸਰ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਤੋਂ ਜ਼ਿਮਨੀ ਚੋਣ ਲੜ ਰਹੇ ਭਾਈ ਸੰਦੀਪ ਸਿੰਘ ਸੰਨੀ ਦੇ ਭਰਾਤਾ ਭਾਈ ਮਨਦੀਪ ਸਿੰਘ ਖਾਲਸਾ ਅਤੇ ਉਹਨਾਂ ਦੇ ਪਰਿਵਾਰ ਵੱਲੋਂ ਅੱਜ ਚੋਣ ਪ੍ਰਚਾਰ ਦੇ ਅਖੀਰਲੇ ਦਿਨ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਇਕ ਅਹਿਮ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਮੌਕੇ ਭਾਈ ਸੰਦੀਪ ਸਿੰਘ ਸੰਨੀ ਦੀ ਧਰਮ ਪਤਨੀ ਨੇ ਹਲਕਾ ਤਰਨਤਾਰਨ ਦੇ ਵੋਟਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ “ਇਹ ਚੋਣ ਸਿਰਫ ਰਾਜਨੀਤਕ ਨਹੀਂ, ਸਗੋਂ ਪੰਥਕ ਸੱਚਾਈ, ਸਿੱਖ ਨਿਆਂ ਤੇ ਕੌਮੀ ਮਰਿਆਦਾ ਦੀ ਲੜਾਈ ਹੈ।” ਇਸ ਵਕਤ ਉਹਨਾਂ ਦੇ ਨਾਲ ਭਾਈ ਮਨਦੀਪ ਸਿੰਘ ਖ਼ਾਲਸਾ ਤੋਂ ਇਲਾਵਾ ਬਾਪੂ ਤਰਸੇਮ ਸਿੰਘ ਜੀ, ਭਾਈ ਪਰਮਜੀਤ ਸਿੰਘ ਜੌਹਲ, ਚਾਚਾ ਪ੍ਰਗਟ ਸਿੰਘ, ਚਾਚਾ ਸੁਖਚੈਨ ਸਿੰਘ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਦਇਆ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਗੁਰਮਿੰਦਰ ਸਿੰਘ ਚਾਵਲਾ ਅਤੇ ਭਾਈ ਪਲਵਿੰਦਰ ਸਿੰਘ ਜੀ ਤੋਂ ਇਲਾਵਾ ਹੋਰ ਵੀ ਸ਼ਖਸੀਅਤਾਂ ਵੀ ਹਾਜਰ ਸਨ। ਉਹਨਾਂ ਨੇ ਭਾਵੁਕ ਹੋਕੇ ਕਿਹਾ ਕਿ ਭਾਈ ਮਨਦੀਪ ਸਿੰਘ ਖਾਲਸਾ ਉਹਨਾਂ ਦੇ ਪਰਿਵਾਰ ਦਾ ਹੀ ਨਹੀਂ, ਸਾਰੇ ਤਰਨਤਾਰਨ ਦਾ ਪੁੱਤ ਹੈ ਜੋ ਸਿੱਖ ਸਿਧਾਂਤਾਂ ਤੇ ਖੜ੍ਹ ਕੇ ਸੱਚ ਲਈ ਆਵਾਜ਼ ਉਠਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਪੰਥਕ ਸੂਬੇ ਨੂੰ ਅੱਜ ਸੱਚੇ ਆਗੂਆਂ ਦੀ ਲੋੜ ਹੈ ਜੋ ਧਾਰਮਿਕ ਆਦਰਸ਼ਾਂ ਤੇ ਚਲਦਿਆਂ ਗੁਰੂ ਸਾਹਿਬਾਂ ਦੀ ਰਹਿਤ ਤੇ ਅਸੂਲਾਂ ਅਨੁਸਾਰ ਸੇਵਾ ਕਰਨ ਵਾਲੇ ਹਨ। ਭਾਈ ਸੰਦੀਪ ਸਿੰਘ ਦੀ ਪਤਨੀ ਬੀਬੀ ਗੁਰਪ੍ਰੀਤ ਕੌਰ ਜੀ ਨੇ ਕਿਹਾ ਕਿ, ਸੰਦੀਪ ਸਿੰਘ ਕੈਦ ਵਿੱਚ ਹੋਣ ਦੇ ਬਾਵਜੂਦ ਆਪਣੀ ਕੌਮ ਨਾਲ ਰੂਹਾਨੀ ਤੌਰ ‘ਤੇ ਜੁੜੇ ਹੋਏ ਹਨ। ਇਹ ਚੋਣ ਕਿਸੇ ਵਿਅਕਤੀ ਦੀ ਨਹੀਂ, ਇਹ ਪੰਥ ਦੀ ਜਿੱਤ ਜਾਂ ਹਾਰ ਦਾ ਸਮਾਂ ਹੈ। ਮੈਨੂੰ ਪੂਰਾ ਯਕੀਨ ਹੈ ਕਿ ਤਰਨਤਾਰਨ ਦੀ ਸੰਗਤ ਪੰਥਕ ਏਕਤਾ ਨੂੰ ਮਜ਼ਬੂਤ ਕਰਦਿਆਂ ਭਾਈ ਮਨਦੀਪ ਸਿੰਘ ਖਾਲਸਾ ਨੂੰ ਭਾਰੀ ਵੋਟਾਂ ਨਾਲ ਜਿਤਾ ਕੇ ਉਹ ਮਾਣ ਦੁਬਾਰਾ ਵਾਪਸ ਲਿਆਵੇਗੀ ਜੋ ਸਾਡਾ ਹੱਕ ਹੈ। ਉਹਨਾਂ ਨੇ ਅੱਗੇ ਕਿਹਾ ਕਿ ਉਹਨਾਂ ਦਾ ਪਰਿਵਾਰ ਕੌਮੀ ਸੇਵਾ ਨੂੰ ਆਪਣਾ ਧਰਮ ਮੰਨਦਾ ਹੈ ਅਤੇ ਇਹ ਲੜਾਈ ਕਿਸੇ ਅਹੁਦੇ ਲਈ ਨਹੀਂ, ਸਗੋਂ ਸਿੱਖ ਨਿਆਂ, ਧਾਰਮਿਕ ਮਰਿਆਦਾ ਅਤੇ ਪੰਜਾਬ ਦੇ ਭਵਿੱਖ ਦੀ ਲੜਾਈ ਹੈ। ਉਹਨਾਂ ਨੇ ਹਲਕਾ ਤਰਨਤਾਰਨ ਦੇ ਹਰ ਗੁਰਸਿੱਖ ਤੇ ਵੋਟਰ ਨੂੰ ਸਿੱਖੀ ਜਜ਼ਬੇ ਨਾਲ ਭਰਪੂਰ ਹੋਕੇ ਭਾਈ ਮਨਦੀਪ ਸਿੰਘ ਖਾਲਸਾ ਨੂੰ ਜਿੱਤਾਉਣ ਲਈ ਇਕਜੁੱਟ ਹੋਣ ਦੀ ਅਪੀਲ ਕੀਤੀ। ਉਹਨਾਂ ਨੇ ਕਿਹਾ ਕਿ “ਇਹ ਜਿੱਤ ਸਿਰਫ ਮਨਦੀਪ ਸਿੰਘ ਦੀ ਨਹੀਂ ਹੋਵੇਗੀ, ਇਹ ਜਿੱਤ ਪੰਥ ਦੀ ਹੋਵੇਗੀ, ਉਹਨਾਂ ਸੱਚਿਆਂ ਸ਼ਹੀਦਾਂ ਦੀ ਹੋਵੇਗੀ ਜਿਨ੍ਹਾਂ ਨੇ ਇਸ ਧਰਮ ਦੀ ਰੱਖਿਆ ਲਈ ਆਪਣਾ ਸਿਰ ਕਟਾਇਆ ਪਰ ਸੱਚ ਤੋਂ ਪਿੱਛੇ ਨਹੀਂ ਹਟੇ।” ਅੰਤ ਵਿੱਚ ਬਾਪੂ ਤਰਸੇਮ ਸਿੰਘ ਜੀ ਅਤੇ ਭਾਈ ਮਨਦੀਪ ਸਿੰਘ ਖਾਲਸਾ ਨੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਚੋਣ ਨੂੰ ਗੁਰੂ ਤੇ ਪੰਥ ਦੀ ਸੇਵਾ ਮੰਨ ਕੇ ਲੜ ਰਹੇ ਹਨ ਅਤੇ ਜਿੱਤ ਦੇ ਬਾਅਦ ਵੀ ਉਹ ਪੰਥਕ ਸਵਾਲਾਂ ਤੇ ਲੋਕਾਂ ਦੀ ਆਵਾਜ਼ ਬਣ ਕੇ ਰਹਿਣਗੇ।

# ਬੀਬੀ ਕੁਲਬੀਰ ਕੌਰ ਸਰਕਲ ਜੀਰਾ ਇਸਤਰੀ ਵਿੰਗ ਦੀ ਪ੍ਰਧਾਨ ਨਿਯੁਕਤ—ਭੁੱਲਰ



**ਫ਼ਿਰੋਜ਼ਪੁਰ, 09 ਨਵੰਬਰ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਇਸਤਰੀ ਵਿੰਗ ਦੀ ਜ਼ੀਰਾ ਸਰਕਲ ਦੀ ਪ੍ਰਧਾਨ ਵਜੋਂ ਬੀਬੀ ਕੁਲਬੀਰ ਕੌਰ ਨੂੰ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਚਰਨ ਸਿੰਘ ਭੁੱਲਰ ਜ਼ਿਲਾ ਪ੍ਰਧਾਨ ਫਿਰੋਜ਼ਪੁਰ ਅਤੇ ਪੀ.ਏ.ਸੀ ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ: ਸਿਮਰਨਜੀਤ ਸਿੰਘ ਮਾਨ ਸਾਹਿਬ ਵੱਲੋ ਸ਼ਹੀਦ ਭਾਈ ਰੇਸ਼ਮ ਸਿੰਘ ਬੱਬਰ ਪਿੰਡ ਵਰਿਆ (ਮੱਖੂ) ਦੀ ਧਰਮ ਸੁਪਤਨੀ ਬੀਬੀ ਕੁਲਬੀਰ ਕੌਰ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸਰਕਲ ਜੀਰਾ ਦੀ ਇਸਤਰੀ ਵਿੰਗ ਦੀ ਪ੍ਰਧਾਨ ਨਿਯੁਕਤ ਕੀਤਾ ਗਿਆ। ਮਾਨ ਸਾਹਿਬ ਨੇ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਜਦੋ ਸਾਡਾ ਕੌਮੀ ਘਰ ਬਣਿਆਂ ਤਾਂ ਇਨ੍ਹਾਂ ਦੇ ਨਾਮ ਸੁਨਿਹਰੀ ਅੱਖਰਾਂ ਵਿੱਚ ਲਿਖੇ ਜਾਣਗੇ। ਸਾਡੇ ਸ਼ਹੀਦ ਪਰਿਵਾਰਾਂ ਨੂੰ ਸਿੱਖ ਕੌਮ ਦੀ ਸਿਰਮੌਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਂਭਣਾਂ ਸੀ ਅਤੇ ਸਹੂਲਤਾਂ ਦੇਣੀਆਂ ਸਨ ਪਰ ਉਨ੍ਹਾਂ ਨੇ ਕਾਤਲ ਜਮਾਤਾਂ ਨਾਲ ਰਲ ਕੇ ਸਿੱਖੀ ਦਾ ਬਹੁਤ ਵੱਡਾ ਨੁਕਸਾਨ ਕੀਤਾ ਅਤੇ ਪੰਜਾਬ ਦੀ ਨੌਜਵਾਨੀ ਤੇ ਤਸ਼ੱਦਦ ਕਰਵਾਇਆ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਨਸਲਕੁਸ਼ੀ ਕਰਨ ਅਤੇ ਕਰਾਉਣ ਲਈ ਬਾਦਲ ਪ੍ਰੀਵਾਰ ਜੁਮੇਵਾਰ ਹੈ ਅਤੇ ਜਿਸ ਸੁਖਬੀਰ ਨੇ ਆਪਣੇ ਗੁਨਾਹ ਅਕਾਲ ਤਖਤ ਦੇ ਸਹਾਮਣੇ ਕਬੂਲ ਕੀਤੇ ਹੋਣ ਉਹ ਅੱਜ ਫਿਰ ਲੋਕਾਂ ਦੇ ਅੱਖੀ ਘੱਟਾ ਪਾ ਕੇ ਆਪਣੇ ਆਪ ਨੂੰ ਪੰਥਕ ਸਾਬਤ ਕਰਨ ਲਈ ਕਰੋੜਾਂ ਰੁਪਏ ਗੋਲਕ ਵਿੱਚੋ ਚੋਰੀ ਕਰਕੇ ਵਰਤ ਰਿਹਾ ਹੈ, ਲੋਕ ਇਸ ਦੀਆਂ ਚੁਸਤ ਚਲਾਕੀਆਂ ਨੂੰ ਸਮਝ ਚੁੱਕੇ ਹਨ। ਗੱਲਬਾਤ ਕਰਦਿਆਂ ਬੀਬੀ ਕੁਲਬੀਰ ਕੌਰ ਨੇ ਕਿਹਾ ਕਿ ਜਿਸ ਕੰਮ ਵਾਸਤੇ ਮੇਰੇ ਪਤੀ ਨੇ ਕੁਰਬਾਨੀ ਦਿੱਤੀ ਹੈ ਉਸ ਕੰਮ ਨੂੰ ਨੇਪਰੇ ਚਾੜ੍ਹਨ ਲਈ ਮੈ ਪਾਰਟੀ ਵਿੱਚ ਤਨਦੇਹੀ ਨਾਲ ਕੰਮ ਕਰਾਂਗੀ ਅਤੇ ਜਲਦ ਸਾਡੇ ਸ਼ਹੀਦਾਂ ਦੇ ਸੁਪਨੇ ਪੂਰੇ ਹੋਣਗੇ। ਇਸ ਸਮੇਂ ਬੀਬੀ ਜਸਬੀਰ ਕੌਰ ਪ੍ਰਧਾਨ ਇਸਤਰੀ ਵਿੰਗ, ਗੁਰਵਿੰਦਰ ਸਿੰਘ ਮੁਹਾਲਮ ਯੂਥ ਪ੍ਰਧਾਨ, ਪਰਗਟ ਸਿੰਘ ਵਾਹਕੇ ਮੁੱਖ ਬੁਲਾਰਾ, ਬਲਕਾਰ ਸਿੰਘ ਜੋਗੇਵਾਲ ਪ੍ਰਧਾਨ ਕਿਸਾਨ ਵਿੰਗ ਫਿਰੋਜਪੁਰ, ਸੁੱਚਾ ਸਿੰਘ ਮੁਹਾਲਮ, ਹਜਾਰਾ ਸਿੰਘ, ਚਮਕੋਰ ਸਿੰਘ ਮਨਸੂਰ ਵਾਲ ਵਰਕਿੰਗ ਕਮੇਟੀ ਮੈਬਰ, ਜੋਗਿੰਦਰ ਸਿੰਘ ਜਰਨਲ ਸਕੱਤਰ, ਲਖਵਿੰਦਰ ਸਿੰਘ ਸੂਪਰ ਸਰਕਲ ਪ੍ਰਧਾਨ, ਦਵਿੰਦਰ ਸਿੰਘ ਚੂਰੀਆ ਸੀਨੀਅਰ ਮੀਤ ਪ੍ਰਧਾਨ, ਕੁੰਦਨ ਸਿੰਘ ਪ੍ਰਧਾਨ ਜੀਰਾ ਦਿਹਾਤੀ, ਯਾਦਵਿੰਦਰ ਸਿੰਘ ਮੁੱਖ ਬੁਲਾਰਾ ਜੀਰਾ, ਜਸਵੰਤ ਸਿੰਘ ਸਰਕਲ ਪ੍ਰਧਾਨ ਮੱਲਾਂਵਾਲਾ, ਸੁਖਜੀਤ ਸਿੰਘ ਪ੍ਰਧਾਨ ਮੱਖੂ, ਬੀਬੀ ਰਾਜ ਕੋਰ, ਬੀਬੀ ਸੁਰਜੀਤ ਕੋਰ ਅਤੇ ਜੀਰੇ ਸਰਕਲ ਦੀ ਸਾਰੀ ਜੰਥੇਬੰਦੀ ਵੱਲੋ ਬੀਬੀ ਜੀ ਨੂੰ ਸਰਕਾਰ ਪ੍ਰਧਾਨ ਬਨਣ ਤੇ ਸ: ਸਿਮਰਨਜੀਤ ਸਿੰਘ ਮਾਨ ਸਾਹਿਬ ਦਾ ਧੰਨਵਾਦ ਕੀਤਾ।

## ਭਾਈ ਮਨਦੀਪ ਸਿੰਘ ਨੂੰ ਜਿਤਾ ਕੇ ਕੌਮੀ ਫਰਜ ਅਦਾ ਕਰੋ -ਬੀਬੀ ਕੁਲਵਿੰਦਰ ਕੌਰ ਜਲੰਧਰ



**ਜਲੰਧਰ, 9 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਅੰਮ੍ਰਿਤਸਰ ਇਸਤਰੀ ਵਿੰਗ ਜਿਲਾ ਜਲੰਧਰ ਦੀ ਪ੍ਰਧਾਨ ਬੀਬੀ ਕੁਲਵਿੰਦਰ ਕੌਰ ਨੇ ਤਰਨਤਾਰਨ ਹਲਕੇ ਦੇ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਭਾਈ ਮਨਦੀਪ ਸਿੰਘ ਦੇ ਹੱਕ ਵਿੱਚ ਵੋਟ ਪਾਈ ਜਾਵੇ । ਭਾਈ ਮਨਦੀਪ ਸਿੰਘ ਜੋ ਕਿ ਦੋ ਦੁਸ਼ਟਾਂ ਨੂੰ ਇਕੱਲਿਆ ਹੀ ਸੋਧਣ ਵਾਲੇ ਜੁਝਾਰੂ ਭਾਈ ਸੰਦੀਪ ਸਿੰਘ ਦਾ ਭਰਾ ਹੈ ਅਤੇ ਸਾਂਝਾ ਪੰਥਕ ਉਮੀਦਵਾਰ ਹੈ ,ਉਸਨੂੰ ਜਿਤਾਉਣਾ ਚਾਹੀਦਾ ਹੈ । ਅਜਿਹੀਆਂ ਜਿੱਤਾਂ ਨਾਲ ਕੌਮੀ ਪੱਧਰ ਤੇ ਕੋਈ ਪ੍ਰਾਪਤੀ ਜਾਂ ਫਾਇਦਾ ਹੋਵੇਗਾ ਜਾਂ ਨਹੀ ਹੋਵੇਗਾ ਇਹ ਗੱਲ ਅਹਿਮ ਨਹੀਂ ਹੈ । ਅਹਿਮ ਤਾਂ ਇਹ ਹੈ ਕਿ ਭਾਈ ਮਨਦੀਪ ਸਿੰਘ ਸਮੁੱਚੇ ਪੰਥ ਦਾ ਸਾਂਝਾ ਉਮੀਦਵਾਰ ਹੈ। ਭਾਈ ਮਨਦੀਪ ਸਿੰਘ ਦੀ ਜਿੱਤ ਭਾਈ ਸੰਦੀਪ ਸਿੰਘ ਸਨੀ ਦਾ ਮਾਣ ਵਧਾਏਗੀ । ਭਾਈ ਸੰਦੀਪ ਸਿੰਘ ਸਨੀ ਨੇ ਸੂਰੀ ਅਤੇ ਸੂਬੇ ਨੂੰ ਨਰਕਾਂ ਦੇ ਰਾਹ ਤੋਰ ਕੇ ਬਹੁਤ ਹੀ ਫਖਰਮਈ ਅਤੇ ਸ਼ਲਾਘਾਯੋਗ ਕਾਰਜ ਕੀਤਾ ਹੈ ,ਜਿਸ ਤੇ ਕੌਮ ਨੂੰ ਹਮੇਸ਼ਾਂ ਫਖਰ ਰਹੇਗਾ। ਬੀਬੀ ਕੁਲਵਿੰਦਰ ਕੌਰ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਅਤੇ ਮੈਂਬਰ ਭਾਈ ਮਨਦੀਪ ਸਿੰਘ ਦੇ ਹੱਕ ਵਿੱਚ ਵਿੱਚ ਵੱਡੀ ਪੱਧਰ ਤੇ ਪ੍ਰਚਾਰ ਕਰ ਰਹੇ ਹਨ ਆਸ ਹੈ ਕਿ ਭਾਈ ਮਨਦੀਪ ਸਿੰਘ ਦੀ ਜਿੱਤ ਜਰੂਰ ਦਰਜ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਾਰਤੀ ਰਾਜਦੂਤਾਂ ਦਾ ਕੈਨੇਡਾ ਦੇ ਓਟਾਵਾ, ਵੈਨਕੂਵਰ, ਸਰੀ ਅਤੇ ਹੋਰ ਥਾਵਾਂ 'ਤੇ

# ਕੈਨੇਡੀਅਨ ਸਿੱਖਾਂ ਵੱਲੋਂ ਭਾਰੀ ਵਿਰੋਧ



ਆਵਾਜ਼ਿ ਕੌਮ AWAZE QAUM International Newspaper & WEB TV

ਨਵੀਂ ਦਿੱਲੀ 9 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਭਾਰਤੀ ਰਾਜਦੂਤ ਵਲੋਂ ਕੈਨੇਡਾ ਦੇ ਵੈਨਕੂਵਰ ਅਤੇ ਵੱਖ-ਵੱਖ ਸ਼ਹਿਰਾਂ ਦੇ ਵਿੱਚ ਵੱਖ-ਵੱਖ ਥਾਵਾਂ ਤੇ ਜਾਕੇ ਲਾਇਫ਼ ਸਰਟੀਫਿਕੇਟ ਵੰਡੇ ਜਾ ਰਹੇ ਹਨ, ਇਸ ਦਾ ਪਤਾ ਲਗਦੇ ਹੀ ਜਿੱਥੇ-ਜਿੱਥੇ ਵੀ ਭਾਰਤੀ ਕੌਂਸਲੇਟ ਆਏ ਹਨ ਓਸ ਹਰ ਥਾਂ ਤੇ ਖਾਲਿਸਤਾਨੀ ਜਥੇਬੰਦੀਆਂ ਵਲੋਂ ਟੀਮ ਨਿੱਝਰ ਦੇ ਸਹਿਯੋਗ ਨਾਲ ਭਾਵੇਂ ਉਹ ਰੋਸ ਸਟ੍ਰੀਟ ਗੁਰੂ ਘਰ ਵੈਨਕੂਵਰ ਹੋਵੇ, ਰਿਵਰਸਾਈਡ ਬੈਂਕੁਏਟ ਹਾਲ, ਜਾਂ ਫਿਰ ਐਬਟਸਫੋਰਡ ਦਾ ਖਾਲਸਾ ਦੀਵਾਨ ਸੋਸਾਇਟੀ ਗੁਰਦੁਆਰਾ ਸਾਹਿਬ ਹੋਵੇ, ਮੂਹਰੇ ਭਾਰੀ ਧਰਨੇ-ਰੋਸ ਪ੍ਰਦਰਸ਼ਨ ਕਰਦਿਆਂ ਭਾਰਤੀ ਰਾਜਦੂਤਾਂ ਦਾ ਵਿਰੋਧ ਕੀਤਾ ਜਾ ਰਿਹਾ ਹੈ । ਇਸਦੇ ਨਾਲ ਹੀ ਜੀ 7 ਦੇ ਕੈਨੇਡਾ ਸੰਮੇਲਣ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਭਾਰਤ ਦੇ ਵਿਦੇਸ਼ ਮੰਤਰੀ ਜੈ ਸ਼ੰਕਰ ਦੇ ਖਿਲਾਫ ਵੀਂ ਜੰਮ ਕੇ ਵਿਰੋਧ ਅਤੇ ਨਾਅਰੇ ਬਾਜੀ ਕੀਤੀ ਗਈ ਅਤੇ ਓਸਦੇ ਪੁਤਲੇ ਨੂੰ ਗੱਡੀ ਦੇ ਪਿੱਛੇ ਪਾ ਕੇ ਘੜੀਸੇ ਜਾਣ ਉਪਰੰਤ ਭਾਰਤੀ ਝੰਡੇ ਦੀ ਬੇਹੁਰਮਤੀ ਕੀਤੀ ਗਈ । ਜਿਕਰਯੋਗ ਹੈ ਕਿ ਕਈ ਥਾਵਾਂ ਤੇ ਰੋਸ ਪ੍ਰਦਰਸ਼ਨ ਰੋਕਣ ਲਈ ਪੁਲਿਸ ਦੀ ਵਰਤੋਂ ਵੀ ਕੀਤੀ ਗਈ ਪਰ ਇਸ ਦੇ ਬਾਵਜੂਦ ਵੀ ਰੋਸ ਪ੍ਰਦਰਸ਼ਨ ਦੇ ਵਿੱਚ ਸੰਗਤ ਵੱਡੀ ਗਿਣਤੀ ਵਿੱਚ ਇੱਕਠੀ ਹੋਈ, ਨਾਲ ਨਾਲ ਦੱਸਣਯੋਗ ਹੈ ਕਿ ਮੌਸਮ ਦੀ ਖ਼ਰਾਬੀ ਦੇ ਬਾਵਜੂਦ ਸੰਗਤ ਦੀ ਗਿਣਤੀ ਧਰਨਿਆਂ ਵਿੱਚ ਬਰਕਰਾਰ ਰਹੀ ਅਤੇ ਭਾਰਤੀ ਰਾਜਦੂਤਾਂ ਅਤੇ ਦੂਤਾਵਾਸ ਦਾ ਵਿਰੋਧ ਵੱਡੇ ਪੱਧਰ ਤੇ ਹੋਇਆ ਸੀ । ਕੈਨੇਡਾ ਵਿਚ ਆਜ਼ਾਦੀਪਸੰਦ ਸਿੱਖਾਂ ਵਲੋਂ ਕੀਤੇ ਜਾਂਦੇ ਪ੍ਰਦਰਸ਼ਨਾਂ ਨੂੰ ਰੋਕਣ ਲਈ ਖ਼ਾਲਸਾ ਦੀਵਾਨ ਸੋਸਾਇਟੀ ਦੀ ਬੇਈਮਾਨ ਕਮੇਟੀਆਂ ਵੱਲੋਂ ਸਰਕਾਰੀ ਤੌਰ ਤੇ ਕੋਰਟ ਆਰਡਰ ਰਾਹੀਂ ਗੁਰਦੁਆਰੇ ਤੋਂ ਚਾਰੇ ਪਾਸੇ 100 ਮੀਟਰ ਦੀ ਦੂਰੀ ਤੇ ਬੈਰੀਅਰ ਬਣਾਏ ਗਏ ਤਾਂ ਜੋ ਪ੍ਰਦਰਸ਼ਨਕਾਰੀ ਭਾਈ ਨਿੱਝਰ ਟੀਮ ਦੇ ਮੈਂਬਰ ਅੰਦਰ ਨਾ ਆ ਸਕਣ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਇਹ ਭਾਰਤੀ ਕਰਿੰਦੇ ਭਾਈ ਹਰਦੀਪ ਸਿੰਘ ਨਿੱਝਰ ਦੇ ਕਾਤਿਲ ਹਨ, ਜਿੱਥੇ ਜਿੱਥੇ ਇਹ ਜਾਣਗੇ ਇਹਨਾਂ ਦਾ ਵਿਰੋਧ ਇਸੇ ਤਰਾਂ ਹੁੰਦਾ ਰਵੇਗਾ ਅਤੇ ਜੋ ਇਹਨਾਂ ਕਾਤਲਾਂ ਨੂੰ ਆਪਣੇ ਗੁਰੂ ਘਰ ਵਿੱਚ ਸੱਦਾ ਦੇ ਰਹੇ ਹਨ ਉਹ ਕੌਮ ਦੀ ਪਿੱਠ ਵਿੱਚ ਛੁਰਾ ਮਾਰ ਰਹੇ ਹਨ । ਉਹਨਾਂ ਕਿਹਾ ਕਿ ਜਦੋ ਤਕ ਕੈਨੇਡਾ ਅੰਦਰ ਭਾਰਤੀ ਐਂਬੇਸਿਆ ਬੰਦ ਨਹੀਂ ਹੁੰਦੀਆਂ ਸਾਡੇ ਇਹ ਵਿਰੋਧ, ਰੋਸ-ਪ੍ਰਦਰਸ਼ਨ ਨਿਰੰਤਰ ਜਾਰੀ ਰਹਿਣਗੇ ਅਤੇ ਇਹ ਜੰਗ ਖਾਲਿਸਤਾਨ ਦੀ ਪ੍ਰਾਪਤੀ ਨਾਲ ਹੀ ਖ਼ਤਮ ਹੋਵੇਗੀ । ਉਹਨਾਂ ਕਿਹਾ ਰੈਫਰੈਂਡਮ ਦੇ ਅਗਲੇ ਪੜਾਅ ਦੇ ਵੋਟ ਜੋ ਕਿ 23 ਨਵੰਬਰ ਨੂੰ ਓਟਵਾ ਦੀ ਧਰਤੀ ਤੇ ਹੋਣ ਜਾ ਰਹੇ ਹਨ ਉਥੇ ਵੱਧ ਤੋਂ ਵੱਧ ਪਹੁੰਚਕੇ ਵੱਡੀ ਗਿਣਤੀ ਵਿਚ ਏਕਤਾ ਅਤੇ ਅਜ਼ਾਦੀ ਲਈ ਚਿਣਗ ਦਾ ਸਬੂਤ ਦੇਣ ਦੀ ਲੋੜ ਹੈ । ਇਸ ਮੌਕੇ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਅਵਤਾਰ ਸਿੰਘ ਖਹਿਰਾ ਭਾਈ ਮਨਜਿੰਦਰ ਸਿੰਘ, ਭਾਈ ਜੈਗ ਸਿੰਘ, ਰਜਿੰਦਰ ਸਿੰਘ ਨੱਤ, ਭਾਈ ਅਜੈਪਾਲ ਸਿੰਘ ਭਾਈ ਦਲਜੀਤ ਸਿੰਘ ਭਾਈ ਰਜਿੰਦਰ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਗੁਰਦੁਆਰਾ ਸਾਹਿਬ ਤੋਂ ਬਾਬਾ ਰਣਜੀਤ ਸਿੰਘ ਖ਼ਾਲਸਾ, ਕਰਨੈਲ ਸਿੰਘ ਟੁੱਟ, ਭਾਈ ਜਰਨੈਲ ਸਿੰਘ, ਮਨਦੀਪ ਸਿੰਘ, ਇੰਦਰਜੀਤ ਸਿੰਘ ਬੈਂਸ ਅਤੇ ਵਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

### ਖ਼ਰਾਬ ਮੌਸਮ ਅਤੇ ਪੁਲਿਸ ਬੈਰੀਗੇਡ ਦੇ ਬਾਵਜੂਦ ਵੱਡੇ ਪੱਧਰ ਤੇ ਹੋਇਆ ਇੱਕਠ ਅਤੇ ਰੋਸ-ਮੁਜ਼ਾਰਾ

ਮਨਦੀਪ ਸਿੰਘ ਤਰਨਤਾਰਨ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ

# ਬੰਦੀ ਸਿੰਘਾਂ ਦੀ ਅਵਾਜ ਬਣਨਗੇ - ਪੰਮਾ ਬਾਠ



ਆਵਾਜ਼ਿ ਕੌਮ AWAZE QAUM International Newspaper & WEB TV

ਧੂਰੀ ( ਰਣਜੀਤ ਸਿੰਘ ਪੇਧਨੀ ) ਸ੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਪੰਮਾ ਬਾਠ ਨੇ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਖਾਲਸਾ ਪੰਥ ਦੇ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਦੇ ਹੱਕ ਵਿੱਚਚੋਣ ਪ੍ਰਚਾਰ ਕਰਦਿਆਂ ਕਿਹਾ ਕਿ ਭਾਈ ਮਨਦੀਪ ਸਿੰਘ ਖਾਲਸਾ ਤਰਨ ਤਾਰ ਤੋਂ ਵੱਡੇ ਮਾਰਜਨ ਦੇ ਨਾਲ ਜਿੱਤ ਕੇ ਜਿੱਥੇ ਉਹ ਸਿੱਖ ਪੰਥ ਦੀ ਸੇਵਾ ਕਰਨਗੇ ਉਥੇ ਬੰਦੀ ਸਿੰਘਾਂਦੇ ਹੱਕ ਵਿੱਚ ਆਵਾਜ਼ ਨੂੰ ਬੁਲੰਦ ਕਰਨਗੇ । ਉਨਾ ਕਿਹਾ ਕਿ ਪੰਥਕ ਉਮੀਦਵਾਰ ਮਨਦੀਪ ਸਿੰਘ ਦੀ ਜਿੱਤ ਲਈ ਤਰਨਤਾਰਨ ਹਲਕੇ ਅੰਦਰ ਹਵਾ ਦਾ ਰੁੱਖ ਬਦਲ ਗਿਆ ਹੈ, ਇਹ ਹਵਾ ਆਉਦੇ ਦਿਨਾਂ ਵਿੱਚ ਤੁਫਾਨ ਦਾ ਰੂਪ ਧਾਰਨ ਕਰ ਲਵੇਗੀ, ਕਿਉਂ ਭਾਈ ਮਨਦੀਪ ਸਿੰਘ ਖਾਲਸਾ ਦੇ ਚੋਣ ਪ੍ਰਚਾਰ ਨੇ ਸਾਰੀਆਂ ਵਿਰੋਧੀ ਧਿਰਾਂ ਨੂੰ ਪਛਾੜ ਦਿੱਤਾ ਹੈ। ਭਾਈ ਮਨਦੀਪ ਸਿੰਘ ਖਾਲਸਾ ਨੂੰ ਹਰ ਪਿੰਡ ਕਸਬਾ ਤੇ ਸ਼ਹਿਰਾਂ ਵਿੱਚ ਭਰਭੂਰ ਸਮਰਥਨ ਮਿਲਣ ਕਾਰਨ ਵਿਰੋਧੀਆ ਦੀ ਚੋਣ ਮੁਹਿੰਮ ਖਿੰਡਦੀ ਜਾਪ ਰਹੀ ਹੈ ਤੇ ਭਾਈ ਸਾਹਿਬ ਦੇ ਹੱਕ ਵਿੱਚ ਨੌਜਵਾਨਾਂ ਦਾ ਹਜੂਮ ਵੱਧਦਾ ਜਾ ਰਿਹਾ, ਭਾਈ ਸਾਹਿਬ ਦੇ ਹੱਕ ਵਿੱਚ ਹੋਏ ਰੋਡ ਸ਼ੋ ਨੇ ਸਰਕਾਰ ਸਮੇਤ ਬਾਕੀ ਸਾਰੀਆਂ ਰਾਜਨੀਤਿਕ ਪਾਰਟੀਆਂ ਦੀ ਨੀਂਦ ਉਡਾ ਦਿੱਤੀ ਹੈ। ਉਹਨਾਂ ਨੇ ਕਿਹਾ ਕਿ ਮਨਦੀਪ ਸਿੰਘ ਦੇ ਭਰਾ ਭਾਈ ਸਨਦੀਪ ਸਿੰਘ ਸਨੀ ਨੇ ਸਿੱਖ ਕੰਮ ਦੀ ਦਸਤਾਰ ਮੁੜ ਸਿਰ ਤੇ ਸਜ਼ਾ ਦਿੱਤੀ ਹੈ।, ਇਸ ਲਈ ਭਾਈ ਸਾਹਿਬ ਨੂੰ ਹਿੰਦੂ, ਸਿੱਖ ,ਮੁਸਲਮਾਨਾ ਤੇ ਮਸੀਹ ਭਾਈਚਾਰੇ ਦਾ ਪੂਰਨ ਸਮਰਥਨ ਮਿਲ ਰਿਹਾ ਹੈ। ਇਸ ਲਈ ਤਰਨਤਾਰਨ ਦੇ ਵੋਟਰਾਂ ਨੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਤੇ ਜਿਤਾਉਣ ਦਾ ਮਨ ਬਣਾ ਲਿਆ ਹੈ। ਇਸ ਮੌਕੇ ਸੰਦੀਪ ਸਿੰਘ ਰੁਪਾਲੋ ਮੁੱਖ ਬੁਲਾਰਾ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ, ਰਣਧੀਰ ਸਿੰਘ ਪਰਦੇਸੀ ਹਾਜਰ ਸਨ।

# ਸ਼ਾਂਤੀ ਦੇ ਰਾਹ ਵਿੱਚ ਔਰਤਾਂ ਦੀ ਭੂਮਿਕਾ



**ਜੰਗ** ਦੀ ਭਿਆਨਕਤਾ ਵਿੱਚ, ਜਦੋਂ ਬਾਰੂਦ ਦੀ ਗੰਧ ਹਵਾ ਵਿੱਚ ਫੈਲ ਜਾਂਦੀ ਹੈ, ਤਾਂ ਸਭ ਤੋਂ ਪਹਿਲਾਂ ਚੁੱਪ ਹੋ ਜਾਣ ਵਾਲੀਆਂ ਚੀਜ਼ਾਂ ਇੱਕ ਮਾਂ ਦੀ ਲੋਰੀ, ਇੱਕ ਧੀ ਦਾ ਹਾਸਾ, ਅਤੇ ਔਰਤਾਂ ਦੀ ਸੁਰੱਖਿਆ ਦਾ ਭਰੋਸਾ ਹਨ। ਇਹ ਉਹ ਪਲ ਹੈ ਜਦੋਂ ਇਹ ਸਵਾਲ ਸਭ ਤੋਂ ਡੂੰਘਾ ਲੱਗਦਾ ਹੈ ਕਿ ਔਰਤਾਂ ਸ਼ਾਂਤੀ ਦੇ ਰਾਹ 'ਤੇ ਕਿੱਥੇ ਹਨ। ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਸ ਦੁਆਰਾ ਵਿਸ਼ਵਵਿਆਪੀ ਟਕਰਾਵਾਂ ਬਾਰੇ ਉਠਾਇਆ ਗਿਆ ਮੁੱਦਾ ਸਿਰਫ਼ ਇੱਕ ਰਸਮੀ ਚਿੰਤਾ ਨਹੀਂ ਹੈ, ਸਗੋਂ ਦੁਨੀਆ ਦੇ ਹਰ ਕੋਨੇ ਵਿੱਚ ਔਰਤਾਂ ਦੁਆਰਾ ਅਨੁਭਵ ਕੀਤੀ ਗਈ ਹਕੀਕਤ ਦਾ ਪ੍ਰਤੀਬਿੰਬ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਵਿਸ਼ਵਵਿਆਪੀ ਫੌਜੀ ਖਰਚ ਵਧ ਰਿਹਾ ਹੈ, ਹਥਿਆਰਬੰਦ ਟਕਰਾਵਾਂ ਦੀ ਗਿਣਤੀ ਪਹਿਲਾਂ ਨਾਲੋਂ ਕਿਤੇ ਵੱਧ ਹੈ, ਅਤੇ ਇਸ ਸਭ ਦੇ ਵਿਚਕਾਰ, ਔਰਤਾਂ ਵਿਰੁੱਧ ਜਿਨਸੀ ਹਿੰਸਾ ਚਿੰਤਾਜਨਕ ਅਨੁਪਾਤ ਤੱਕ ਪਹੁੰਚ ਗਈ ਹੈ। ਸੰਯੁਕਤ ਰਾਸ਼ਟਰ ਮਹਿਲਾ ਏਜੰਸੀ ਦੇ ਅਨੁਸਾਰ, ਇਸ ਸਮੇਂ ਲਗਭਗ 676 ਮਿਲੀਅਨ ਔਰਤਾਂ ਘਾਤਕ ਟਕਰਾਵਾਂ ਦੇ 50 ਕਿਲੋਮੀਟਰ ਦੇ ਅੰਦਰ ਰਹਿੰਦੀਆਂ ਹਨ। ਇਹ ਗਿਣਤੀ 1990 ਦੇ ਦਹਾਕੇ ਤੋਂ ਬਾਅਦ ਸਭ ਤੋਂ ਵੱਧ ਹੈ। ਇਹ ਅੰਕੜਾ ਸਿਰਫ਼ ਅੰਕੜਾਤਮਕ ਜਾਣਕਾਰੀ ਨਹੀਂ ਹੈ, ਸਗੋਂ ਹਿੰਸਾ ਨੂੰ ਰੋਕਣ ਦੇ ਸਾਡੇ ਯਤਨਾਂ ਵਿੱਚ ਸਾਡੀ ਸਮੂਹਿਕ ਅਸਫਲਤਾ ਦਾ ਸਬੂਤ ਹੈ। ਸ਼ਾਂਤੀ ਨਾਲ ਹੈ। ਸਿੱਧੇ ਤੌਰ 'ਤੇ ਵਿਸ਼ਵ ਬੈਂਕ ਅਤੇ ਸੰਯੁਕਤ ਰਾਸ਼ਟਰ ਦੀਆਂ ਰਿਪੋਰਟਾਂ ਦਰਸਾਉਂਦੀਆਂ ਹਨ ਕਿ ਜਿੱਥੇ ਦੇਸ਼ਾਂ ਨੇ ਸ਼ਾਂਤੀ ਵਾਰਤਾ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਇਆ, ਉੱਥੇ ਜੰਗਬੰਦੀ ਔਸਤਨ 35 ਪ੍ਰਤੀਸ਼ਤ ਜ਼ਿਆਦਾ ਚੱਲੀ। ਫਿਰ ਵੀ ਅੱਜ, ਸਿਰਫ਼ 13 ਪ੍ਰਤੀਸ਼ਤ ਸ਼ਾਂਤੀ ਸਮਝੌਤਿਆਂ ਵਿੱਚ ਔਰਤਾਂ ਦੀ ਭਾਗੀਦਾਰੀ ਸ਼ਾਮਲ ਹੈ। ਇਹ ਵਿਸ਼ਵਵਿਆਪੀ ਅਸੰਤੁਲਨ ਸਿਰਫ਼ ਰਾਜਨੀਤਿਕ ਪ੍ਰਤੀਨਿਧਤਾ ਦਾ ਸਵਾਲ ਨਹੀਂ ਹੈ, ਸਗੋਂ ਮਨੁੱਖੀ ਸਮਝ ਦੇ ਸੰਕਟ ਦਾ ਸੰਕੇਤ ਵੀ ਦਿੰਦਾ ਹੈ। ਕਿਉਂਕਿ ਜਿੱਥੇ ਔਰਤਾਂ ਫੈਸਲੇ ਲੈਣ ਤੋਂ ਗੈਰਹਾਜ਼ਰ ਹਨ, ਉੱਥੇ ਸ਼ਾਂਤੀ ਅਧੂਰੀ ਰਹਿੰਦੀ ਹੈ। ਔਰਤਾਂ ਸਿਰਫ਼ ਯੁੱਧ ਦੀਆਂ ਸ਼ਿਕਾਰ ਨਹੀਂ ਹਨ; ਉਹ ਜੀਵਨ, ਪੁਨਰ ਨਿਰਮਾਣ ਅਤੇ ਸੁਲ੍ਹਾ ਦੀਆਂ ਧਾਰਕ ਹਨ। ਪਰ ਜਦੋਂ ਦੁਨੀਆ ਦੇ ਪ੍ਰਮੁੱਖ ਪਲੇਟਫਾਰਮਾਂ 'ਤੇ ਜੰਗ ਅਤੇ ਕੂਟਨੀਤੀ 'ਤੇ ਚਰਚਾ ਕੀਤੀ ਜਾਂਦੀ ਹੈ, ਤਾਂ ਉਨ੍ਹਾਂ ਦੀਆਂ ਆਵਾਜ਼ਾਂ ਇੱਕ ਕੋਨੇ ਵਿੱਚ ਦੱਬ ਜਾਂਦੀਆਂ ਹਨ, ਜਿਵੇਂ ਕਿ ਦੁਨੀਆ ਸਿਰਫ਼ ਹਥਿਆਰਾਂ ਅਤੇ ਹਥਿਆਰਾਂ ਦੀ ਭਾਸ਼ਾ ਸਮਝਦੀ ਹੈ। ਇਹ ਸਵਾਲ ਭਾਰਤੀ ਸੰਦਰਭ ਵਿੱਚ ਹੋਰ ਵੀ ਗੁੰਝਲਦਾਰ ਹੈ। ਜਦੋਂ ਕਿ ਔਰਤਾਂ ਨੂੰ ਦੇਵੀ ਵਜੋਂ ਪੂਜਣ ਦੀ ਪਰੰਪਰਾ ਰਹੀ ਹੈ, ਸ਼ਕਤੀ, ਨੀਤੀ ਅਤੇ ਫੈਸਲਾ ਲੈਣ ਵਿੱਚ ਉਨ੍ਹਾਂ ਦੀ ਭਾਗੀਦਾਰੀ ਸੀਮਤ ਰਹਿੰਦੀ ਹੈ। ਪੰਚਾਇਤਾਂ ਵਿੱਚ ਰਾਖਵੇਂਕਰਨ ਨੇ ਔਰਤਾਂ ਨੂੰ ਲੋਕਾਂ ਦੀ ਪ੍ਰਤੀਨਿਧਤਾ ਕਰਨ ਦਾ ਮੌਕਾ ਦਿੱਤਾ ਹੈ, ਪਰ ਰਾਸ਼ਟਰੀ ਨੀਤੀ ਨਿਰਮਾਣ, ਸੁਰੱਖਿਆ ਪ੍ਰੀਸ਼ਦਾਂ ਅਤੇ ਸ਼ਾਂਤੀ ਵਾਰਤਾ ਵਿੱਚ ਉਨ੍ਹਾਂ ਦੀ ਗਿਣਤੀ ਨਾ-ਮਾਤਰ ਹੀ ਰਹਿੰਦੀ ਹੈ। ਭਾਰਤੀ ਸੰਸਦ ਵਿੱਚ ਔਰਤਾਂ ਦੀ ਪ੍ਰਤੀਨਿਧਤਾ ਸਿਰਫ਼ 14 ਪ੍ਰਤੀਸ਼ਤ ਦੇ ਆਸ-ਪਾਸ ਹੈ, ਜੋ ਕਿ ਵਿਸ਼ਵਵਿਆਪੀ ਔਸਤ 26 ਪ੍ਰਤੀਸ਼ਤ ਤੋਂ ਬਹੁਤ ਘੱਟ ਹੈ। ਇਹ ਉਨ੍ਹਾਂ ਦੇਸ਼ਾਂ ਵਿੱਚੋਂ ਇੱਕ ਹੋਣ ਦੇ ਬਾਵਜੂਦ ਹੈ ਜਿੱਥੇ ਔਰਤਾਂ ਨੇ ਆਜ਼ਾਦੀ ਅੰਦੋਲਨ ਤੋਂ ਲੈ ਕੇ ਸਮਾਜਿਕ ਸੁਧਾਰਾਂ ਤੱਕ ਹਰ ਮੋਰਚੇ 'ਤੇ ਮੋਹਰੀ ਭੂਮਿਕਾ ਨਿਭਾਈ ਹੈ। ਝਾਂਸੀ ਦੀ ਰਾਣੀ, ਅਰੁਣਾ ਆਸਫ ਅਲੀ, ਕਸਤੂਰਬਾ ਗਾਂਧੀ, ਸਾਵਿਤਰੀਬਾਈ ਫੂਲੇ, ਜਾਂ ਅੱਜ ਦੀ ਇਰੋਮ ਸ਼ਰਮੀਲਾ, ਸਾਰਿਆਂ ਨੇ ਸਾਬਤ ਕਰ ਦਿੱਤਾ ਕਿ ਜਦੋਂ ਔਰਤਾਂ ਅਗਵਾਈ ਕਰਦੀਆਂ ਹਨ, ਤਾਂ ਸੰਘਰਸ਼ ਵੀ ਦਇਆ ਵਿੱਚ ਬਦਲ ਸਕਦਾ ਹੈ। ਫਿਰ ਵੀ, ਫੈਸਲਾ ਲੈਣ ਵਾਲੇ ਮੰਚਾਂ ਵਿੱਚ ਉਨ੍ਹਾਂ ਦੀ ਮੌਜੂਦਗੀ ਅਜੇ ਵੀ ਅਪਵਾਦ ਹੈ, ਨਿਯਮ ਜਾਂ ਪਰੰਪਰਾ ਨਹੀਂ। ਦੁਨੀਆ ਭਰ ਵਿੱਚ ਸ਼ਾਂਤੀ ਨਿਰਮਾਣ ਪ੍ਰਕਿਰਿਆਵਾਂ ਦਰਸਾਉਂਦੀਆਂ ਹਨ ਕਿ ਜਦੋਂ ਔਰਤਾਂ ਟਕਰਾਅ ਦੇ ਹੱਲ ਵਿੱਚ ਸ਼ਾਮਲ ਹੁੰਦੀਆਂ ਹਨ, ਤਾਂ ਉਹ ਮੁੱਦਿਆਂ ਨੂੰ ਨਾ ਸਿਰਫ਼ ਰਾਜਨੀਤਿਕ ਦ੍ਰਿਸ਼ਟੀਕੋਣ ਤੋਂ ਦੇਖਦੀਆਂ ਹਨ, ਸਗੋਂ ਸਮਾਜਿਕ ਪੁਨਰਗਠਨ ਦੇ ਪੱਧਰ 'ਤੇ ਵੀ ਦੇਖਦੀਆਂ ਹਨ। ਉਹ ਪਰਿਵਾਰਕ ਅਤੇ ਸਮਾਜਿਕ ਤਬਦੀਲੀ 'ਤੇ ਵੀ ਵਿਚਾਰ ਕਰਦੀਆਂ ਹਨ। ਅਤੇ ਉਹ ਸਮਾਜ ਦੇ ਤਾਣੇ-ਬਾਣੇ ਨੂੰ ਸਮਝਦੇ ਹਨ ਜੋ ਯੁੱਧ ਦੇ ਵਿਨਾਸ਼ ਦੁਆਰਾ ਟੁੱਟ ਗਿਆ ਹੈ। ਉਦਾਹਰਣ ਵਜੋਂ, ਲਾਇਬੇਰੀਆ ਦੀ ਸ਼ਾਂਤੀ ਪ੍ਰਕਿਰਿਆ ਵਿੱਚ ਔਰਤਾਂ ਦੀ ਅਗਵਾਈ ਨੇ ਸਾਲਾਂ ਤੋਂ ਚੱਲੇ ਆ ਰਹੇ ਘਰੇਲੂ ਯੁੱਧ ਨੂੰ ਖਤਮ ਕਰ ਦਿੱਤਾ। ਲੇਮਾਹ ਗਬੋਵੀ ਅਤੇ ਉਸਦੇ ਸਾਥੀਆਂ ਨੇ ਸ਼ਾਂਤੀ ਲਈ ਇੱਕ ਅੰਦੋਲਨ ਸ਼ੁਰੂ ਕੀਤਾ ਜੋ ਉਨ੍ਹਾਂ ਨੇ ਦੁਨੀਆ ਨੂੰ ਦਿਖਾਇਆ ਕਿ ਜੰਗਾਂ ਨੂੰ ਹਥਿਆਰਾਂ ਤੋਂ ਬਿਨਾਂ ਵੀ ਖਤਮ ਕੀਤਾ ਜਾ ਸਕਦਾ ਹੈ। ਮਹਿਲਾ ਵਿਚੋਲਿਆਂ ਨੇ ਬੋਸਨੀਆ, ਕੋਲੰਬੀਆ ਅਤੇ ਫਿਲੀਪੀਨਜ਼ ਵਿੱਚ ਸ਼ਾਂਤੀ ਸਮਝੌਤਿਆਂ ਵਿੱਚ ਵੀ ਵਿਚੋਲਗੀ ਕੀਤੀ ਹੈ। ਇਸ ਦੇ ਬਾਵਜੂਦ, 2023 ਤੱਕ ਵਿਸ਼ਵ ਪੱਧਰ 'ਤੇ ਕਿਸੇ ਵੀ ਵੱਡੀ ਅੰਤਰਰਾਸ਼ਟਰੀ ਗੱਲਬਾਤ ਵਿੱਚ ਔਰਤਾਂ ਦੀ ਭਾਗੀਦਾਰੀ 15 ਪ੍ਰਤੀਸ਼ਤ ਤੋਂ ਵੱਧ ਨਹੀਂ ਸੀ। ਇਹ ਸਥਿਤੀ ਨਾ ਸਿਰਫ਼ ਲਿੰਗ ਅਸਮਾਨਤਾ ਨੂੰ ਦਰਸਾਉਂਦੀ ਹੈ, ਸਗੋਂ ਸਮੂਹਿਕ ਜ਼ਮੀਰ ਦੀ ਅਸਫਲਤਾ ਨੂੰ ਵੀ ਦਰਸਾਉਂਦੀ ਹੈ। ਸੰਯੁਕਤ ਰਾਸ਼ਟਰ ਮਹਿਲਾ ਏਜੰਸੀ ਦੇ ਤਾਜ਼ਾ ਅੰਕੜੇ ਦਰਸਾਉਂਦੇ ਹਨ ਕਿ ਅੱਜ ਦੁਨੀਆ ਵਿੱਚ ਹਰ ਦਸ ਵਿੱਚੋਂ ਇੱਕ ਔਰਤ ਕਿਸੇ ਨਾ ਕਿਸੇ ਤਰ੍ਹਾਂ ਦੀ ਹਿੰਸਾ ਤੋਂ ਸਿੱਧੇ ਤੌਰ 'ਤੇ ਪ੍ਰਭਾਵਿਤ ਹੈ। ਇਹ ਅਨੁਪਾਤ ਯੁੱਧ ਪ੍ਰਭਾਵਿਤ ਖੇਤਰਾਂ ਵਿੱਚ ਹੋਰ ਵੀ ਚਿੰਤਾਜਨਕ ਹੈ। ਸੀਰੀਆ, ਸੁਡਾਨ, ਯੂਕਰੇਨ, ਗਾਜ਼ਾ ਅਤੇ ਕਾਂਗੋ ਵਰਗੇ ਖੇਤਰਾਂ ਵਿੱਚ, ਔਰਤਾਂ ਵਿਰੁੱਧ ਜਿਨਸੀ ਹਿੰਸਾ ਨੂੰ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਹਰ ਹਰ ਟਕਰਾਅ ਤੋਂ ਬਾਅਦ, ਜਦੋਂ ਇਤਿਹਾਸ "ਸ਼ਾਂਤੀ" ਦੇ ਨਾਮ 'ਤੇ ਸਮਝੌਤਾ ਲਿਖਦਾ ਹੈ, ਤਾਂ ਇਹ ਲੱਖਾਂ ਔਰਤਾਂ ਦੇ ਦੁੱਖਾਂ ਨੂੰ ਨਜ਼ਰਅੰਦਾਜ਼ ਕਰ ਦਿੰਦਾ ਹੈ ਜਿਨ੍ਹਾਂ ਦੇ ਸਰੀਰ ਅਤੇ ਦਿਮਾਗ ਜੰਗ ਦੇ ਜ਼ਖ਼ਮ ਝੱਲਦੇ ਹਨ। ਅਤੇ ਜਦੋਂ ਪੁਨਰ ਨਿਰਮਾਣ ਦਾ ਸਮਾਂ ਆਉਂਦਾ ਹੈ, ਤਾਂ ਇਹੀ ਔਰਤਾਂ ਘਰਾਂ, ਬੱਚਿਆਂ, ਸਮਾਜ ਅਤੇ ਭਵਿੱਖ ਨੂੰ ਦੁਬਾਰਾ ਜੋੜਨ ਲਈ ਕੰਮ ਕਰਦੀਆਂ ਹਨ। ਵਿਅੰਗਾਤਮਕ ਗੱਲ ਇਹ ਹੈ ਕਿ ਪੁਨਰ ਨਿਰਮਾਣ ਦਾ ਭਾਰ ਚੁੱਕਣ ਵਾਲਿਆਂ ਨੂੰ ਫੈਸਲਾ ਲੈਣ ਦੇ ਪੜਾਅ 'ਤੇ ਜਗ੍ਹਾ ਦੇਣ ਤੋਂ ਇਨਕਾਰ ਕੀਤਾ ਜਾਂਦਾ ਹੈ ? ਭਾਰਤ ਦੀ ਸਮਾਜਿਕ ਹਕੀਕਤ ਕਿਸੇ ਵੀ ਤਰ੍ਹਾਂ ਇੱਕ ਟਕਰਾਅ ਵਾਲਾ ਖੇਤਰ ਨਹੀਂ ਹੈ। ਇੱਥੇ ਹਿੰਸਾ ਦੇ ਰੂਪ ਬਦਲ ਗਏ ਹਨ। ਕਦੇ ਘਰੇਲੂ ਹਿੰਸਾ, ਕਦੇ ਝੂਠੇ ਮਾਣ ਲਈ ਹਿੰਸਾ, ਕਦੇ ਕੰਮ ਵਾਲੀ ਥਾਂ 'ਤੇ ਸ਼ੋਸ਼ਣ, ਕਦੇ ਰਾਜਨੀਤਿਕ ਬੇਦਖਲੀ। ਸਮਾਜ ਦੇ ਅੰਦਰ ਵਧਦੀ ਅਸਮਾਨਤਾ ਹੌਲੀ-ਹੌਲੀ ਇੱਕ ਵੱਡੇ ਟਕਰਾਅ ਵਿੱਚ ਬਦਲ ਜਾਂਦੀ ਹੈ ਜੋ ਸੀਮਾਵਾਂ ਜਾਂ ਧਰਮ ਤੋਂ ਪਾਰ ਹੁੰਦਾ ਹੈ। ਅਜਿਹੀ ਸਥਿਤੀ ਵਿੱਚ, ਔਰਤਾਂ ਦੀ ਭਾਗੀਦਾਰੀ ਸਿਰਫ਼ ਇੱਕ "ਅਧਿਕਾਰ" ਨਹੀਂ ਸਗੋਂ ਸਮਾਜਿਕ ਸਥਿਰਤਾ ਲਈ ਇੱਕ ਪੂਰਵ ਸ਼ਰਤ ਬਣ ਜਾਂਦੀ ਹੈ। ਜਦੋਂ ਇੱਕ ਮਹਿਲਾ ਪੰਚਾਇਤ ਫੈਸਲੇ ਲੈਂਦੀ ਹੈ, ਤਾਂ ਇਹ ਇੱਕ ਸਮਾਜਿਕ ਅੰਦੋਲਨ ਦੀ ਅਗਵਾਈ ਕਰਦੀ ਹੈ। ਜਦੋਂ ਔਰਤਾਂ ਇਨਸਾਫ਼ ਦੀ ਮੰਗ ਲਈ ਸੜਕਾਂ 'ਤੇ ਉਤਰਦੀਆਂ ਹਨ, ਤਾਂ ਉਹ ਸਿਰਫ਼ ਆਪਣੇ ਅਧਿਕਾਰਾਂ ਦਾ ਦਾਅਵਾ ਨਹੀਂ ਕਰ ਰਹੀਆਂ ਹੁੰਦੀਆਂ ਸਗੋਂ ਸਮਾਜ ਦੇ ਰਾਹ ਨੂੰ ਆਕਾਰ ਦਿੰਦੀਆਂ ਹਨ। ਸ਼ਾਂਤੀ ਦਾ ਮਤਲਬ ਸਿਰਫ਼ ਜੰਗਬੰਦੀ ਨਹੀਂ ਹੈ, ਸਗੋਂ ਡਰ ਤੋਂ ਆਜ਼ਾਦੀ, ਨਿਆਂ ਦੀ ਮੌਜੂਦਗੀ ਅਤੇ ਸਮਾਨਤਾ ਦਾ ਅਨੁਭਵ ਹੈ। ਹਾਲਾਂਕਿ, ਪਿਤਰਸੱਤਾਤਮਕ ਪ੍ਰਣਾਲੀ ਅਜੇ ਵੀ ਸ਼ਾਂਤੀ ਦੀ ਇਸ ਪਰਿਭਾਸ਼ਾ ਨੂੰ ਆਕਾਰ ਦੇਣ ਦਾ ਮੌਕਾ ਬਰਕਰਾਰ ਰੱਖਦੀ ਹੈ। ਮੈਂ ਇਸਨੂੰ ਨੇੜੇ ਰੱਖਿਆ ਹੈ। ਜਿੰਨਾ ਚਿਰ ਸ਼ਾਂਤੀ ਨਹੀਂ ਹੁੰਦੀ

ਪਰ ਸ਼ਾਂਤੀ ਦੀ ਇਸ ਪਰਿਭਾਸ਼ਾ ਨੂੰ ਸਿਰਜਣ ਦਾ ਮੌਕਾ ਅਜੇ ਵੀ ਮਰਦ-ਪ੍ਰਧਾਨ ਪ੍ਰਣਾਲੀ ਕੋਲ ਹੈ। ਜਿੰਨਾ ਚਿਰ ਸ਼ਾਂਤੀ 'ਸੁਰੱਖਿਆ ਨੀਤੀ' ਅਤੇ 'ਫੌਜੀ ਰਣਨੀਤੀ' ਦੇ ਖੇਤਰ ਤੱਕ ਸੀਮਤ ਹੈ, ਇਹ ਅਧੂਰੀ ਹੀ ਰਹੇਗੀ। ਕਿਉਂਕਿ ਭਾਰਤ ਨੂੰ ਸੱਚੀ ਸ਼ਾਂਤੀ ਸਿਰਫ਼ ਹਥਿਆਰ ਰੱਖਣ ਨਾਲ ਨਹੀਂ ਆਉਂਦੀ; ਇਹ ਉਦੋਂ ਆਉਂਦੀ ਹੈ ਜਦੋਂ ਸਮਾਜ ਦੀ ਚੇਤਨਾ ਹਿੰਸਾ ਦੇ ਵਿਚਾਰ ਨੂੰ ਰੱਦ ਕਰਦੀ ਹੈ। ਅਤੇ ਇਹ ਚੇਤਨਾ ਔਰਤਾਂ ਦੇ ਅੰਦਰ ਜਨਮਜਾਤ ਹੈ। ਉਹ ਜਾਣਦੀਆਂ ਹਨ ਕਿ ਯੁੱਧ ਦੀ ਕੀਮਤ ਸਿਰਫ਼ ਸੈਨਿਕਾਂ ਦੀਆਂ ਜਾਨਾਂ ਨਹੀਂ, ਸਗੋਂ ਪੀੜ੍ਹੀਆਂ ਦੇ ਭਵਿੱਖ ਦੀ ਹੈ। ਕਿਸੇ ਨੂੰ ਵੀ ਇਸ ਸੱਚਾਈ ਤੋਂ ਅੱਖਾਂ ਨਹੀਂ ਮੋੜਨੀਆਂ ਚਾਹੀਦੀਆਂ। ਅੱਜ, ਜਦੋਂ ਅਸੀਂ "ਔਰਤ ਸ਼ਕਤੀ" ਬਾਰੇ ਗੱਲ ਕਰਦੇ ਹਾਂ, ਤਾਂ ਸਾਨੂੰ ਇਹ ਵੀ ਜਾਂਚ ਕਰਨੀ ਚਾਹੀਦੀ ਹੈ ਕਿ ਕੀ ਔਰਤਾਂ ਦੀਆਂ ਆਵਾਜ਼ਾਂ ਸੱਚਮੁੱਚ ਸਾਡੇ ਨੀਤੀ-ਨਿਰਮਾਣ, ਕੂਟਨੀਤਕ ਅਤੇ ਸੁਰੱਖਿਆ ਫੋਰਮਾਂ ਵਿੱਚ ਸੁਣੀਆਂ ਜਾ ਰਹੀਆਂ ਹਨ। ਕੀ ਔਰਤਾਂ ਦੇ ਵਿਚਾਰ ਸ਼ਾਂਤੀ, ਵਿਕਾਸ ਅਤੇ ਨਿਆਂ ਦੀ ਚਰਚਾ ਵਿੱਚ ਸ਼ਾਮਲ ਕੀਤੇ ਜਾ ਰਹੇ ਹਨ ?

-ਵਿਜੇ ਗਰਗ